ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I


awazeqaumtvpunjab@gmail.com

ਵੀਰਵਾਰ, 3 ਅਪ੍ਰੈਲ 2025 (ਨਾਨਕਸ਼ਾਹੀ ਸੰਮਤ : ੫੫੭, ੨੧ ਚੇਤ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਪਾਕਿ ਰਾਸ਼ਟਰਪਤੀ ਦੀ ਵਿਗੜੀ ਤਬੀਅਤ, ਹਸਪਤਾਲ 'ਚ ਕਰਵਾਇਆ ਭਰਤੀ

**ਇਸਲਾਮਾਬਾਦ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ ਦੇ ਰਾਸ਼ਟਰਪਤੀ ਆਸਿਫ਼ ਅਲੀ ਜ਼ਰਦਾਰੀ ਦੀ ਸਿਹਤ ਅਚਾਨਕ ਵਿਗੜ ਗਈ ਹੈ। ਜਿਸ ਤੋਂ ਬਾਅਦ ਉਨ੍ਹਾਂ ਨੂੰ ਇੱਕ ਨਿੱਜੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਹੈ। ਐਕਸਪ੍ਰੈਸ ਟ੍ਰਿਬਿਊਨ ਦੀ ਰਿਪੋਰਟ ਦੇ ਅਨੁਸਾਰ 69 ਸਾਲਾ ਜ਼ਰਦਾਰੀ ਨੂੰ ਬੁਖਾਰ ਅਤੇ ਇਨਫੈਕਸ਼ਨ ਦੀ ਸ਼ਿਕਾਇਤ ਤੋਂ ਬਾਅਦ ਕਰਾਚੀ ਤੋਂ ਲਗਭਗ 300 ਕਿਲੋਮੀਟਰ ਦੂਰ ਨਵਾਬਸ਼ਾਹ ਹਸਪਤਾਲ ਵਿੱਚ ਲਿਆਂਦਾ ਗਿਆ। ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਪਾਕਿਸਤਾਨੀ ਰਾਸ਼ਟਰਪਤੀ ਦੇ ਕਈ ਮੈਡੀਕਲ ਟੈਸਟ ਕੀਤੇ ਗਏ ਹਨ ਅਤੇ ਡਾਕਟਰ ਉਨ੍ਹਾਂ ਦੀ ਸਿਹਤ 'ਤੇ ਬਾਰੀਕੀ ਨਾਲ ਨਜ਼ਰ ਰੱਖ ਰਹੇ ਹਨ। ਪਾਕਿਸਤਾਨ ਦੇ ਸਥਾਨਕ ਮੀਡੀਆ ਅਨੁਸਾਰ ਪਾਕਿਸਤਾਨੀ ਰਾਸ਼ਟਰਪਤੀ ਸੋਮਵਾਰ (31 ਮਾਰਚ) ਨੂੰ ਈਦ ਦੀ ਨਮਾਜ਼ ਅਦਾ ਕਰਨ ਲਈ ਨਵਾਬਸ਼ਾਹ ਗਏ ਸਨ। ਜ਼ਰਦਾਰੀ ਨੇ ਐਤਵਾਰ (30 ਮਾਰਚ) ਨੂੰ ਵੀ ਆਪਣੀ ਪਾਰਟੀ ਦੇ ਆਗੂਆਂ ਨਾਲ ਮੀਟਿੰਗ ਕੀਤੀ ਸੀ।



## ਮਜੀਠੀਆ ਤੋਂ ਸੁਰੱਖਿਆ ਵਾਪਸ ਲੈਣ 'ਤੇ ਬੋਲੀ 'ਆਪ'

# ਜ਼ਿੰਦਗੀਆਂ ਤਬਾਹ ਕਰਨ ਵਾਲਿਆਂ ਨਾਲ ਕੋਈ ਲਿਹਾਜ਼ ਨਹੀਂ

**ਚੰਡੀਗੜ੍ਹ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਬਿਕਰਮ ਸਿੰਘ ਮਜੀਠੀਆ ਦੀ ਜ਼ੈਡ+ ਸੁਰੱਖਿਆ ਹਟਾ ਦਿੱਤੀ ਗਈ ਸੀ ਜਿਸ ਤੋਂ ਬਾਅਦ ਮਜੀਠੀਆ ਨੇ ਆਪਣੇ ਐਕਸ 'ਤੇ ਪੋਸਟ ਪਾ ਕੇ ਸਰਕਾਰ ਨੂੰ ਘੇਰਿਆ ਅਤੇ ਕਿਹਾ ਕਿ ਸਾਰੀਆਂ ਸਾਜਿਸ਼ਾਂ ਨਾਕਾਮ ਹੋ ਗਈਆਂ ਹਨ। ਸੁਰੱਖਿਆ ਹਟਾਉਣ ਤੋਂ ਬਾਅਦ ਤੱਤੇ ਹੋਏ ਮਜੀਠੀਆ ਨੇ ਕਿਹਾ ਕਿ ਸਿੱਧੂ ਮੂਸੇਵਾਲਾ ਵਾਂਗ ਗੋਲੀ ਮਰਵਾ ਦਿਓ ਜਾਂ ਸੁਖਬੀਰ ਬਾਦਲ ਦੀ ਤਰ੍ਹਾਂ ਅਟੈਕ ਕਰਵਾ ਦਿਓ। ਗੁਰੂ ਸਾਹਿਬ ਦੀ ਕਿਰਪਾ ਰਹੀ ਤਾਂ ਪੰਜਾਬ ਦੇ ਮੁੱਦੇ ਜ਼ਰੂਰ ਚੁੱਕਾਂਗਾ। ਇਸ ਮਾਮਲੇ ਨੂੰ ਲੈ ਕੇ ਆਮ ਆਦਮੀ ਪਾਰਟੀ ਨੇ ਆਪਣੇ ਸੋਸ਼ਲ ਮੀਡੀਆ ਖਾਤੇ ਤੋਂ ਪਾਰਟੀ ਪ੍ਰਧਾਨ ਅਮਨ ਅਰੋੜਾ ਦੀ ਵੀਡੀਓ ਸਾਂਝੀ ਕੀਤੀ ਹੈ ਜਿਸ ਦੇ ਮਜਮੂਨ 'ਚ ਲਿਖਿਆ, ਜਿਹੜੇ ਕਾਂਗਰਸੀ, ਭਾਜਪਾਈ ਅਤੇ ਅਕਾਲੀ ਆਗੂਆਂ ਨੇ ਅੱਜ ਤੱਕ ਕਦੇ ਪੰਜਾਬ ਅਤੇ ਪੰਜਾਬ ਦੇ ਲੋਕਾਂ ਦੇ ਹੱਕਾਂ ਲਈ ਏਕਾ ਨਹੀਂ ਕੀਤਾ, ਉਹਨਾਂ ਦਾ ਨਸ਼ਾ ਤਸਕਰੀ ਨਾਲ਼ ਜੁੜੇ 'ਵੱਡੇ ਚਿਹਰਿਆਂ' ਦੀ ਸਿਕਿਉਰਿਟੀ ਘਟਾਏ ਜਾਣ 'ਤੇ ਇਕੱਠੇ ਹੋਣਾ ਦੱਸਦਾ ਹੈ ਕਿ ਇਹ ਸਾਰੇ ਪੰਜਾਬ ਦੀ ਨਸ਼ਾ ਮੁਕਤੀ ਦੀ ਹਾਮੀ ਭਰਨ ਵਾਲ਼ੇ ਲੋਕ ਨਹੀਂ। ਪੰਜਾਬ ਦੇ ਹਜ਼ਾਰਾਂ ਨੌਜਵਾਨਾਂ ਤੇ ਉਹਨਾਂ ਦੇ ਪਰਿਵਾਰਾਂ ਦੀਆਂ ਜ਼ਿੰਦਗੀਆਂ ਤਬਾਹ ਕਰਨ ਵਾਲ਼ਿਆਂ ਨਾਲ਼ 'ਆਪ' ਸਰਕਾਰ ਕੋਈ ਲਿਹਾਜ਼ ਨਹੀਂ ਕਰੇਗੀ। ਇਸ ਵੀਡੀਓ ਵਿੱਚ ਅਮਨ ਅਰੋੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਲਗਾਤਾਰ ਕਹਿੰਦੀ ਆ ਰਹੀ ਹੈ ਕਿ ਪੰਜਾਬ ਵਿੱਚ ਨਸ਼ੇ ਦੇ ਕਾਰੋਬਾਰ ਵਿੱਚ ਹਰ ਕੋਈ ਬਰਾਬਰ ਸ਼ਾਮਲ ਹੈ। ਅੱਜ, ਜਿਸ ਤਰ੍ਹਾਂ ਤਿੰਨੋਂ ਪਾਰਟੀਆਂ, ਕਾਂਗਰਸ, ਅਕਾਲੀ ਅਤੇ ਭਾਜਪਾ ਇਕੱਠੇ ਹੋ ਕੇ ਦੀ ਸੁਰੱਖਿਆ ਹਟਾਉਣ ਦੀ ਗੱਲ ਕਰ ਰਹੀਆਂ ਹਨ, ਉਹ ਕਦੇ ਵੀ ਪੰਜਾਬੀਆਂ ਦੇ ਹੱਕਾਂ ਲਈ ਇਕੱਠੇ ਨਹੀਂ ਹੋਈਆਂ। ਇਸ ਤੋਂ ਸਾਬਤ ਹੁੰਦਾ ਹੈ ਕਿ ਇਹ ਤਿੰਨੋਂ ਪਾਰਟੀਆਂ ਪੰਜਾਬ ਵਿੱਚੋਂ ਨਸ਼ਾ ਖਤਮ ਹੁੰਦਾ ਨਹੀਂ ਦੇਖਣਾ ਚਾਹੁੰਦੀਆਂ। ਅੱਜ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਇੱਕ ਵੱਡੀ ਜੰਗ ਚੱਲ ਰਹੀ ਹੈ ਤੇ ਉਸ ਵਿਅਕਤੀ ਨੂੰ ਪ੍ਰਧਾਨ ਮੰਤਰੀ ਪੱਧਰ ਦੀ ਸੁਰੱਖਿਆ ਦਿੱਤੀ ਗਈ ਸੀ। ਕੀ ਇਹ ਸਹੀ ਸੀ ? ਕਾਂਗਰਸ ਅਤੇ ਭਾਜਪਾ ਨੂੰ ਉਸ ਵਿਅਕਤੀ ਨਾਲ ਇੰਨੀ ਹਮਦਰਦੀ ਕਿਉਂ ਹੈ ਜਿਸਨੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕੀਤਾ ਤੇ ਇੰਨੇ ਸਾਰੇ ਘਰ ਬਰਬਾਦ ਕਰ ਦਿੱਤੇ ? ਨਸ਼ਿਆਂ ਵਿਰੁੱਧ ਸਾਡੀ ਕਾਰਵਾਈ ਵਿੱਚ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ, ਭਾਵੇਂ ਉਹ ਕਿੰਨਾ ਵੀ ਵੱਡਾ ਵਿਅਕਤੀ ਕਿਉਂ ਨਾ ਹੋਵੇ।





## ਰਾਜਿੰਦਰਾ ਹਸਪਤਾਲ ਦੇ ਬੱਚਾ ਵਾਰਡ 'ਚ ਹੋਇਆ ਸ਼ਾਰਟ ਸਰਕਿਟ, ਮਰੀਜ਼ਾਂ 'ਚ ਮੱਚੀ ਹਾਹਾਕਾਰ



**ਪਟਿਆਲਾ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਦੇ ਰਜਿੰਦਰਾ ਹਸਪਤਾਲ ਮੁੜ ਤੋਂ ਚਰਚਾ 'ਚ ਆ ਗਿਆ ਹੈ। ਦਰਅਸਲ ਰਾਜਿੰਦਰਾ ਹਸਪਤਾਲ ਦੇ ਬੱਚਾ ਵਾਰਡ 'ਚ ਭਿਆਨਕ ਅੱਗ ਗਈ। ਜਿਸ ਤੋਂ ਬਾਅਦ ਪੂਰੇ ਹਸਪਤਾਲ 'ਚ ਹਫੜਾ ਦਫੜੀ ਮਚ ਗਈ। ਹਾਲਾਂਕਿ ਗਣੀਮਤ ਇਹ ਰਹੀ ਕਿ ਇਸ ਹਾਦਸੇ ਦੇ ਕਾਰਨ ਕਿਸੇ ਵੀ ਤਰ੍ਹਾਂ ਦਾ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਹੈ। ਮਿਲੀ ਜਾਣਕਾਰੀ ਮੁਤਾਬਿਕ ਬੱਚਾ ਵਾਰਡ ਵੱਲੋਂ ਸ਼ਾਰਟ ਸਰਕਿਟ ਨਾਲ ਤਾਰਾਂ ਅਤੇ ਪਲੱਗ ਸੜਕੇ ਖਾਕ ਹੋ ਗਈਆਂ ਹਨ। ਮੌਕੇ 'ਤੇ ਫਾਇਰ ਐਕਸਟਿਨਗੁਇਸ਼ ਨਾਲ ਅੱਗ 'ਤੇ ਕਾਬੂ ਪਾਇਆ ਗਿਆ। ਕਾਬਿਲੇਗੌਰ ਹੈ ਕਿ ਪਿਛਲੇ ਕਈ ਦਿਨਾਂ ਤੋਂ ਅਜਿਹੀਆਂ ਘਟਨਾ ਸਾਹਮਣੇ ਆਈਆਂ ਹਨ। ਜਿਸ ਤੋਂ ਸਾਫ ਹੈ ਕਿ ਪ੍ਰਸ਼ਾਸਨ ਦੇ ਦਾਅਵੇ ਖੋਖਲੇ ਹਨ। ਹਸਪਤਾਲ 'ਚ ਕਦੇ ਏਸੀ ਫੂਕ ਜਾਂਦਾ ਹੈ ਅਤੇ ਕਦੇ ਜਨਰੇਟਰ ਅਤੇ ਕਦੇ ਬੱਤੀ ਚੱਲੀ ਜਾਂਦੀ ਹੈ ਜਿਸਦਾ ਖਾਮੀਆਜਾ ਆਮ ਲੋਕਾਂ ਨੂੰ ਚੁਕਾਉਣਾ ਪੈਂਦਾ ਹੈ।

## ਪੰਜਾਬੀ ਗਾਇਕ ਤੇ ਭਾਜਪਾ ਆਗੂ ਹੰਸ ਰਾਜ ਹੰਸ ਨੂੰ ਸਦਮਾ, ਪਤਨੀ ਰੇਸ਼ਮ ਕੌਰ ਦੀ ਹੋਈ ਮੌਤ

**ਜਲੰਧਰ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਮਸ਼ਹੂਰ ਲੋਕ ਗਾਇਕ ਅਤੇ ਭਾਜਪਾ ਨੇਤਾ ਹੰਸ ਰਾਜ ਹੰਸ ਨੂੰ ਬੁੱਧਵਾਰ ਡੂੰਘਾ ਸਦਮਾ ਲੱਗਿਆ। ਹੰਸ ਰਾਜ ਹੰਸ ਦੀ ਧਰਮਪਤਨੀ ਰੇਸ਼ਮ ਕੌਰ ਉਨ੍ਹਾਂ ਨੂੰ ਸਦਾ ਲਈ ਇਸ ਦੁਨੀਆ ਵਿੱਚ ਛੱਡ ਕੇ ਚਲੇ ਗਏ ਹਨ। ਰੇਸ਼ਮ ਕੌਰ ਹੰਸ ਦਾ ਦੇਹਾਂਤ 60 ਸਾਲ ਦੀ ਉਮਰ 'ਚ ਹੋਇਆ, ਜੋ ਕਿ ਪਿਛਲੇ ਕੁੱਝ ਸਮੇਂ ਤੋਂ ਕਿਸੇ ਬਿਮਾਰੀ ਨਾਲ ਪੀੜਤ ਸਨ ਅਤੇ ਹਸਪਤਾਲ ਵਿੱਚ ਇਲਾਜ ਚੱਲ ਰਿਹਾ ਸੀ।



**ਰੇਸ਼ਮ ਕੌਰ ਹੰਸ ਦਾ ਜੀਵਨ ਅਤੇ ਪਰਿਵਾਰ** : ਰੇਸ਼ਮ ਕੌਰ ਹੰਸ ਨੇ ਹਮੇਸ਼ਾ ਇੱਕ ਸਾਦਾ ਜੀਵਨ ਬਤੀਤ ਕੀਤਾ ਹੈ, ਉਸਨੇ ਆਪਣੇ ਪਤੀ ਦੇ ਸ਼ਾਨਦਾਰ ਸੰਗੀਤਕ ਅਤੇ ਰਾਜਨੀਤਿਕ ਕੈਰੀਅਰ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਰੇਸ਼ਮ ਕੌਰ ਹੰਸ ਦੇ ਮੁੱਢਲੇ ਜੀਵਨ ਬਾਰੇ ਬਹੁਤੀ ਜਨਤਕ ਜਾਣਕਾਰੀ ਉਪਲਬਧ ਨਹੀਂ ਹੈ। ਹਾਲਾਂਕਿ, 18 ਅਪ੍ਰੈਲ 1984 ਨੂੰ ਹੰਸ ਰਾਜ ਹੰਸ ਨਾਲ ਵਿਆਹ ਤੋਂ ਬਾਅਦ, ਉਹ ਇੱਕ ਮਸ਼ਹੂਰ ਸੰਗੀਤਕ ਅਤੇ ਰਾਜਨੀਤਿਕ ਪਰਿਵਾਰ ਦਾ ਹਿੱਸਾ ਬਣ ਗਈ ਸੀ। ਉਨ੍ਹਾਂ ਦੇ ਦੋ ਪੁੱਤਰ ਹਨ - ਨਵਰਾਜ ਹੰਸ ਅਤੇ ਯੁਵਰਾਜ ਹੰਸ। ਨਵਰਾਜ ਹੰਸ ਇੱਕ ਮਸ਼ਹੂਰ ਗਾਇਕ ਅਤੇ ਅਭਿਨੇਤਾ ਹਨ, ਜਦਕਿ ਯੁਵਰਾਜ ਹੰਸ ਨੇ ਅਦਾਕਾਰੀ ਦੀ ਦੁਨੀਆ ਵਿੱਚ ਆਪਣੀ ਪਛਾਣ ਬਣਾਈ ਹੈ।

**ਹੰਸ ਰਾਜ ਹੰਸ ਦੇ ਸਿਆਸੀ ਸਫਰ ਵਿੱਚ ਅਹਿਮ ਭੂਮਿਕਾ** : ਰੇਸ਼ਮ ਕੌਰ ਹੰਸ ਨੇ ਵੀ ਆਪਣੇ ਪਤੀ ਦੇ ਸਿਆਸੀ ਸਫ਼ਰ ਵਿੱਚ ਅਹਿਮ ਭੂਮਿਕਾ ਨਿਭਾਈ ਸੀ। 2009 ਵਿੱਚ, ਉਸਨੇ ਜਲੰਧਰ (ਅਨੁਸੂਚਿਤ) ਸੀਟ ਤੋਂ ਆਪਣੇ ਪਤੀ ਲਈ ਨਾਮਜ਼ਦਗੀ ਪੱਤਰ ਦਾਖਲ ਕੀਤਾ। ਉਸ ਦਾ ਇਹ ਕਦਮ ਦਰਸਾਉਂਦਾ ਹੈ ਕਿ ਉਹ ਆਪਣੇ ਪਤੀ ਦੀਆਂ ਸਿਆਸੀ ਇੱਛਾਵਾਂ ਦੀ ਪੂਰਤੀ ਲਈ ਪੂਰੀ ਤਰ੍ਹਾਂ ਸਹਿਯੋਗ ਦਿੰਦੀ ਸੀ।

**ਨਿੱਜੀ ਜੀਵਨ ਅਤੇ ਪ੍ਰਭਾਵ** : ਹਾਲਾਂਕਿ ਹੰਸ ਰਾਜ ਹੰਸ ਇੱਕ ਮਸ਼ਹੂਰ ਗਾਇਕ ਅਤੇ ਸਿਆਸਤਦਾਨ ਹਨ, ਪਰ ਉਨ੍ਹਾਂ ਦੀ ਪਤਨੀ ਰੇਸ਼ਮ ਕੌਰ ਹੰਸ ਹਮੇਸ਼ਾ ਜਨਤਕ ਜੀਵਨ ਤੋਂ ਦੂਰ ਰਹੀ ਅਤੇ ਪਰਿਵਾਰ 'ਤੇ ਧਿਆਨ ਕੇਂਦਰਿਤ ਕੀਤਾ। ਫਿਰ ਵੀ, ਉਸਨੂੰ ਕਈ ਪਰਿਵਾਰਕ ਅਤੇ ਰਾਜਨੀਤਿਕ ਸਮਾਗਮਾਂ ਵਿੱਚ ਦੇਖਿਆ ਗਿਆ ਸੀ। ਉਹ ਆਪਣੇ ਬੇਟੇ ਯੁਵਰਾਜ ਹੰਸ ਅਤੇ ਅਭਿਨੇਤਰੀ ਮਾਨਸੀ ਸ਼ਰਮਾ ਦੇ ਚੂੜੇ ਦੀ ਰਸਮ ਦੌਰਾਨ ਮੀਡੀਆ ਦੇ ਸਾਹਮਣੇ ਨਜ਼ਰ ਆਈ, ਜਿਸ ਤੋਂ ਪਤਾ ਲੱਗਦਾ ਹੈ ਕਿ ਉਸ ਦੇ ਪਰਿਵਾਰ ਨਾਲ ਉਸ ਦਾ ਡੂੰਘਾ ਪਿਆਰ ਸੀ। ਰੇਸ਼ਮ ਕੌਰ ਹੰਸ ਦਾ ਜੀਵਨ ਪਰਿਵਾਰ, ਸੱਭਿਆਚਾਰ ਅਤੇ ਸਮਾਜਿਕ ਜ਼ਿੰਮੇਵਾਰੀਆਂ ਵਿੱਚ ਸੰਤੁਲਨ ਬਣਾਈ ਰੱਖਣ ਦੀ ਮਿਸਾਲ ਸੀ। ਭਾਵੇਂ ਉਹ ਖੁਦ ਲਾਈਮਲਾਈਟ ਵਿੱਚ ਨਹੀਂ ਸੀ, ਉਸ ਦੇ ਸਮਰਥਨ ਨੇ ਹੰਸ ਰਾਜ ਹੰਸ ਦੇ ਕੈਰੀਅਰ ਨੂੰ ਆਕਾਰ ਦੇਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਸੀ।

## ਵਕ.ਫ ਕੋਲ ਇੰਨੀ ਜਾਇਦਾਦ ਹੋਣ ਦੇ ਬਾਵਜੂਦ ਗਰੀਬ ਕਿਉਂ ਨੇ ਮੁਸਲਮਾਨ ? ਲੋਕ ਸਭਾ 'ਚ ਦੱਸਿਆ ਆਖ਼ਰ ਸਰਕਾਰ ਕਿਉਂ ਲਿਆਈ ਇਹ ਬਿੱਲ

**ਨਵੀਂ ਦਿੱਲੀ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਮੰਤਰੀ ਕਿਰਨ ਰਿਜਿਜੂ ਨੇ ਵਿਰੋਧੀ ਧਿਰ ਦੇ ਹੰਗਾਮੇ ਦਰਮਿਆਨ ਬੁੱਧਵਾਰ (02 ਅਪ੍ਰੈਲ, 2025) ਨੂੰ ਲੋਕ ਸਭਾ ਵਿੱਚ ਪੇਸ਼ ਕਰਦੇ ਹੋਏ ਵਕ.ਫ ਸੋਧ ਬਿੱਲ ਦਾ ਬਚਾਅ ਕੀਤਾ। ਉਨ੍ਹਾਂ ਕਿਹਾ ਕਿ ਜੇ 2014 ਵਿੱਚ ਭਾਜਪਾ ਸੱਤਾ ਵਿੱਚ ਨਾ ਆਈ ਹੁੰਦੀ ਤਾਂ ਪਿਛਲੀ ਕਾਂਗਰਸ ਸਰਕਾਰ ਸੰਸਦ ਤੇ ਹਵਾਈ ਅੱਡੇ ਦੀ ਜ਼ਮੀਨ ਵਕ.ਫ ਨੂੰ ਦੇ ਦਿੰਦੀ। ਰਿਜੀਜੂ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਇਸ ਬਿੱਲ ਦਾ ਨਾਮ ਬਦਲ ਕੇ ਏਕੀਕ੍ਰਿਤ ਵਕ.ਫ ਪ੍ਰਬੰਧਨ ਸਸ਼ਕਤੀਕਰਨ, ਕੁਸ਼ਲਤਾ ਅਤੇ ਵਿਕਾਸ ਬਿੱਲ ਰੱਖਿਆ ਜਾਵੇਗਾ। ਇਸਦਾ ਉਦੇਸ਼ ਮੁਸਲਿਮ ਭਾਈਚਾਰੇ ਦੀ ਜ਼ਮੀਨ ਜਾਂ ਮਸਜਿਦਾਂ ਨੂੰ ਖੋਹਣਾ ਨਹੀਂ ਹੈ। ਉਨ੍ਹਾਂ ਕਿਹਾ, 'ਸਾਡੇ ਦੇਸ਼ ਵਿੱਚ ਹੀ ਨਹੀਂ ਸਗੋਂ ਦੁਨੀਆ ਭਰ ਵਿੱਚ ਭਾਰਤ ਵਿੱਚ ਸਭ ਤੋਂ ਵੱਧ ਵਕ.ਫ ਜਾਇਦਾਦਾਂ ਹਨ ਫਿਰ ਸਾਡੇ ਦੇਸ਼ ਵਿੱਚ ਮੁਸਲਮਾਨ ਇੰਨੇ ਗਰੀਬ ਕਿਉਂ ਹਨ ? ਜੇ ਮੋਦੀ ਸਰਕਾਰ ਮੁਸਲਮਾਨਾਂ ਲਈ ਕੰਮ ਕਰ ਰਹੀ ਹੈ ਤਾਂ ਇਸ ਵਿੱਚ ਇਤਰਾਜ਼ ਕੀ ਹੈ ? ਅਜਿਹੇ ਮਾਮਲਿਆਂ ਵਿੱਚ ਸਾਨੂੰ ਧਰਮ ਅਤੇ ਜਾਤ ਤੋਂ ਉੱਪਰ ਉੱਠਣਾ ਪਵੇਗਾ। ਅੱਜ ਤੁਸੀਂ ਵਿਰੋਧ ਕਰ ਰਹੇ ਹੋ ਪਰ ਸਦੀਆਂ ਤੱਕ ਇਹ ਯਾਦ ਰੱਖਿਆ ਜਾਵੇਗਾ ਕਿ ਇਸਦਾ ਵਿਰੋਧ ਕੀਤਾ ਗਿਆ ਸੀ। ਕੇਂਦਰੀ ਮੰਤਰੀ ਨੇ ਸੰਸਦ ਨੂੰ ਦੱਸਿਆ, 'ਹੁਣ ਵਕ.ਫ ਬੋਰਡ ਕਿਸੇ ਵੀ ਜਾਇਦਾਦ 'ਤੇ ਦਾਅਵਾ ਨਹੀਂ ਕਰ ਸਕੇਗਾ।' ਸੋਧ ਬਿੱਲ ਵਿੱਚੋਂ ਧਾਰਾ 40 ਨੂੰ ਹਟਾ ਦਿੱਤਾ ਗਿਆ ਹੈ। ਰਜਿਸਟਰਡ ਜਾਇਦਾਦ ਵਿੱਚ ਕੋਈ ਦਖਲਅੰਦਾਜ਼ੀ ਨਹੀਂ ਹੋਵੇਗੀ। ਧਾਰਾ 40 ਦੀ ਇੰਨੀ ਦੁਰਵਰਤੋਂ ਕੀਤੀ ਗਈ ਕਿ ਵਕ.ਫ ਜਾਇਦਾਦਾਂ ਦੀ ਗਿਣਤੀ ਲੱਖਾਂ ਹੋ ਗਈ। ਮਸਜਿਦ ਤੇ ਦਰਗਾਹ ਖੋਹਣ ਦਾ ਭਰਮ ਫੈਲਾਇਆ ਗਿਆ। ਰਿਜਿਜੂ ਨੇ ਜ਼ੋਰ ਦੇ ਕੇ ਕਿਹਾ ਕਿ ਇਹ ਬਿੱਲ ਗ.ਰੀਬ ਮੁਸਲਮਾਨਾਂ ਅਤੇ ਔਰਤਾਂ ਦੇ ਹਿੱਤ ਵਿੱਚ ਹੈ ਤੇ ਜਾਇਦਾਦਾਂ ਦੇ ਪ੍ਰਬੰਧਨ ਵਿੱਚ ਜਵਾਬਦੇਹੀ ਅਤੇ ਪਾਰਦਰਸ਼ਤਾ ਨੂੰ ਯਕੀਨੀ ਬਣਾਏਗਾ। ਮੰਤਰੀ ਨੇ ਸਪੱਸ਼ਟ ਕੀਤਾ ਕਿ ਬਿੱਲ ਦਾ ਉਦੇਸ਼ ਮੁਸਲਿਮ ਭਾਈਚਾਰੇ ਤੋਂ "ਜ਼ਮੀਨ ਜਾਂ ਮਸਜਿਦਾਂ ਖੋਹਣਾ" ਨਹੀਂ ਹੈ, ਜਿਵੇਂ ਕਿ ਵਿਰੋਧੀ ਧਿਰ ਦਾਅਵਾ ਕਰ ਰਹੀ ਹੈ, ਅਤੇ ਇਹ ਪਿਛਲੀ ਤਾਰੀਖ ਤੋਂ ਲਾਗੂ ਨਹੀਂ ਹੋਵੇਗਾ। ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਨੇ ਕਿਹਾ ਕਿ ਕਾਂਗਰਸ ਸਰਕਾਰ ਨੇ 123 ਜਾਇਦਾਦਾਂ ਨੂੰ ਡੀ-ਨੋਟੀਫਾਈ ਕਰ ਦਿੱਤਾ ਤੇ ਉਨ੍ਹਾਂ ਨੂੰ ਵਕ.ਫ ਬੋਰਡ ਨੂੰ ਸੌਂਪ ਦਿੱਤਾ। ਉਨ੍ਹਾਂ ਕਿਹਾ, "ਜੇ ਅਸੀਂ ਇਹ ਸੋਧ ਨਾ ਕੀਤੀ ਹੁੰਦੀ, ਤਾਂ ਸੰਸਦ ਭਵਨ ਨੂੰ ਵੀ ਵਕ.ਫ ਜਾਇਦਾਦ ਵਜੋਂ ਦਾਅਵਾ ਕੀਤਾ ਜਾ ਸਕਦਾ ਸੀ।" ਕਿਰਨ ਰਿਜੀਜੂ ਨੇ ਕਿਹਾ, "ਹੁਣ ਵਕ.ਫ ਬੋਰਡ ਵਿੱਚ ਸ਼ੀਆ, ਸੁੰਨੀ, ਬੋਹਰਾ, ਪਛੜੇ ਮੁਸਲਮਾਨ, ਔਰਤਾਂ ਤੇ ਮਾਹਰ ਗੈਰ-ਮੁਸਲਮਾਨ ਵੀ ਹੋਣਗੇ। ਮੈਂ ਇਸ ਬਾਰੇ ਵਿਸਥਾਰ ਵਿੱਚ ਦੱਸਣਾ ਚਾਹੁੰਦਾ ਹਾਂ। ਮੈਂ ਆਪਣੀ ਉਦਾਹਰਣ ਦੇਵਾਂਗਾ। ਮੰਨ ਲਓ ਕਿ ਮੈਂ ਮੁਸਲਮਾਨ ਨਹੀਂ ਹਾਂ ਪਰ ਮੈਂ ਘੱਟ ਗਿਣਤੀ ਮਾਮਲਿਆਂ ਦਾ ਮੰਤਰੀ ਹਾਂ ਫਿਰ ਮੈਂ ਕੇਂਦਰੀ ਵਕ.ਫ ਕੌਂਸਲ ਦਾ ਚੇਅਰਮੈਨ ਬਣ ਜਾਂਦਾ ਹਾਂ। ਮੇਰੇ ਅਹੁਦੇ ਦੀ ਪਰਵਾਹ ਕੀਤੇ ਬਿਨਾਂ, ਕੌਂਸਲ ਵਿੱਚ ਵੱਧ ਤੋਂ ਵੱਧ 4 ਗੈਰ-ਮੁਸਲਿਮ ਮੈਂਬਰ ਹੋ ਸਕਦੇ ਹਨ ਅਤੇ ਉਨ੍ਹਾਂ ਵਿੱਚੋਂ 2 ਲਾਜ਼ਮੀ ਮਹਿਲਾ ਮੈਂਬਰ ਹਨ।"



## ਅੰਮ੍ਰਿਤਪਾਲ ਸਿੰਘ ਦੇ ਚਾਚੇ ਸਮੇਤ 5 ਮੁਲਜ਼ਮਾਂ ਨੂੰ ਲਿਆਂਦਾ ਬਠਿੰਡਾ ਜੇਲ੍ਹ

**ਬਠਿੰਡਾ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਐਨ. ਐਸ. ਏ. ਦੇ ਦੋਸ਼ਾਂ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਬੰਦ 8 ਮੁਲਜ਼ਮਾਂ ਨੂੰ ਗ੍ਰਿ.ਫਤਾਰ ਕਰਕੇ ਪੁਲਿਸ ਨੇ ਪੰਜਾਬ ਲਿਆਂਦਾ ਹੈ। ਅੰਮ੍ਰਿਤਪਾਲ ਸਿੰਘ ਦੇ ਚਾਚੇ ਅਤੇ ਪ੍ਰਧਾਨ ਮੰਤਰੀ ਬਾਜੇਕੇ ਸਮੇਤ 4 ਮੁਲਜ਼ਮਾਂ ਨੂੰ ਬਠਿੰਡਾ ਜੇਲ੍ਹ ਭੇਜ ਦਿੱਤਾ ਗਿਆ ਹੈ, ਜਦੋਂ ਕਿ ਉਨ੍ਹਾਂ ਦੇ ਚਾਰ ਸਾਥੀ ਪਟਿਆਲਾ ਜੇਲ੍ਹ 'ਚ ਬੰਦ ਹਨ। ਕੇਂਦਰੀ ਜੇਲ੍ਹ ਦੇ ਸੁਪਰੀਡੈਂਟ ਮਨਜੀਤ ਸਿੰਘ ਨੇ ਦੱਸਿਆ ਕਿ ਸ਼ੁੱਕਰਵਾਰ ਦੇਰ ਰਾਤ ਅੰਮ੍ਰਿਤਪਾਲ ਸਿੰਘ ਦੇ ਚਾਚਾ ਹਰਜੀਤ ਸਿੰਘ, ਭਗਵੰਤ ਸਿੰਘ ਉਰਫ਼ ਪ੍ਰਧਾਨ ਮੰਤਰੀ ਬਾਜੇਕੇ, ਕੁਲਵੰਤ ਸਿੰਘ ਰਾਊਕੇ ਅਤੇ ਬਸੰਤ ਸਿੰਘ ਦੌਲਤਪੁਰ ਨੂੰ ਬਠਿੰਡਾ ਦੀ ਕੇਂਦਰੀ ਜੇਲ੍ਹ 'ਚ ਤਬਦੀਲ ਕਰ ਦਿੱਤਾ ਗਿਆ ਹੈ। ਚਾਰਾਂ ਨੂੰ ਵੱਖਰੀ ਬੈਰਕ 'ਚ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਉਸ ਦੇ ਹੋਰ ਚਾਰ ਸਾਥੀਆਂ ਦਲਜੀਤ ਸਿੰਘ ਕਲਸੀ, ਗੁਰਿੰਦਰ ਸਿੰਘ ਗੁਰੀ ਔਜਲਾ, ਗੁਰਮੀਤ ਸਿੰਘ ਬੁੱਕਣਵਾਲ ਅਤੇ ਅਮਨਦੀਪ ਸਿੰਘ ਅਮਨਾ ਨੂੰ ਪਟਿਆਲਾ ਜੇਲ੍ਹ ਵਿਚ ਰੱਖਿਆ ਗਿਆ ਹੈ। ਜ਼ਿਕਰਯੋਗ ਹੈ ਕਿ ਉਪਰੋਕਤ ਦੋਵੇਂ ਪੰਜਾਬ ਦੀਆਂ ਉੱਚ ਸੁਰੱਖਿਆ ਵਾਲੀਆਂ ਜੇਲ੍ਹਾਂ ਹਨ, ਜਿਨ੍ਹਾਂ ਦੀ ਸੁਰੱਖਿਆ ਪੰਜਾਬ ਪੁਲਿਸ ਦੇ ਨਾਲ-ਨਾਲ ਕੇਂਦਰੀ ਬਲਾਂ ਵਲੋਂ ਵੀ ਕੀਤੀ ਜਾਂਦੀ ਹੈ।

## ਕੀ ਸਿਆਸਤ 'ਚ ਆਉਣਗੇ ਬੱਬੂ ਮਾਨ ?

**ਜਲੰਧਰ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਫਿਲਮ ਇੰਡਸਟਰੀ ਦੇ ਮਸ਼ਹੂਰ ਗਾਇਕ ਅਤੇ ਅਦਾਕਾਰ ਬੱਬੂ ਮਾਨ ਨੇ ਸਿਆਸਤ ਵਿਚ ਆਉਣ ਨੂੰ ਲੈਕੇ ਖੁੱਲ੍ਹ ਕੇ ਚਰਚਾ ਕੀਤੀ। ਇਸ ਦੌਰਾਨ ਜਦੋਂ ਉਨ੍ਹਾਂ ਕੋਲੋਂ ਜਦੋਂ ਪੁੱਛਿਆ ਗਿਆ ਕਿ ਕੀ ਕਦੇ ਤੁਹਾਡਾ ਮਨ ਹੋਇਆ ਕਿ ਤੁਸੀਂ ਵੀ ਕਿਸੇ ਸਿਆਸੀ ਜਮਾਤ ਦਾ ਹਿੱਸਾ ਬਣੋ, ਕਿਉਂਕਿ ਸਿਸਟਮ ਠੀਕ ਕਰਨ ਲਈ ਸਿਸਟਮ ਵਿਚ ਆਉਣਾ ਪੈਂਦਾ ਹੈ। ਇਸ 'ਤੇ ਬੱਬੂ ਮਾਨ ਕਿਹਾ ਕਿ ਆਮ ਤੌਰ 'ਤੇ ਇਹੀ ਕਿਹਾ ਜਾਂਦਾ ਹੈ ਕਿ ਜੇ ਸਿਸਟਮ ਨੂੰ ਠੀਕ ਕਰਨਾ ਹੈ ਤਾਂ ਸਿਸਟਮ ਵਿਚ ਆਉਣਾ ਪੈਂਦਾ ਹੈ ਪਰ ਜਿਸ ਮੁਲਕ ਵਿਚ ਅਸੀਂ ਬੈਠੇ ਹਾਂ ਕੀ ਅਜਿਹਾ ਹੋ ਸਕਦਾ ਹੈ ਕਿ ਇਕ ਵਿਅਕਤੀ ਸਿਸਟਮ ਨੂੰ ਬਦਲ ਸਕਦਾ ਹੈ ?

ਮਾਨ ਨੇ ਕਿਹਾ ਕਿ ਸਟੇਟ ਦੇ ਉਪਰ ਸੈਂਟਰ ਹੈ ਅਤੇ 100 ਵਿਚੋਂ 80 ਰਾਈਟ ਸੈਂਟਰ ਕੋਲ ਹਨ, ਤੁਹਾਡੇ ਹੱਥ ਹੀ ਕੁੱਝ ਨਹੀਂ। ਉਨ੍ਹਾਂ ਕਿਹਾ ਅਸੀਂ ਜਿਸ ਸਮਾਜ ਵਿਚ ਰਹਿੰਦੇ ਹਾਂ ਸਾਡੀ ਕੋਸ਼ਿਸ਼ ਹੁੰਦੀ ਹੈ ਸਮਾਜ ਦੀਆਂ ਗੱਲਾਂ ਕਰੀਏ, ਜਿਸ ਲਈ ਤੁਸੀਂ ਨਿੱਜੀ ਮੁੱਦੇ ਚੁੱਕਦੇ ਹੋ ਪਰ ਅਮਲੀ ਰੂਪ ਦੇਣ ਲਈ ਅੱਗੇ ਇਕ ਸਿਸਟਮ ਹੈ।




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।


**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ




29ਵਾਂ ਸਲਾਨਾ ਜੋੜ ਮੇਲਾ
ਗੁਰਮਤਿ ਸਮਾਗਮ
1 ਨਵੰਬਰ 2025, ਦਿਨ ਸ਼ਨੀਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।




ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੂ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


ਸੇਵਕਕੀਓੜਕਿਨਿਬਹੀਪ੍ਰੀਤਿ॥
ਜੀਵਤਸਾਹਿਬੁਸੇਵਿਓਅਪਨਾਚਲਤੇਰਾਖਿਓਚੀਤਿ॥
ਸ਼ਰਧਾਂਜਲੀ ਸਮਾਗਮ ਯੂ.ਕੇ.
ਐਤਵਾਰ, 6 ਅਪ੍ਰੈਲ 2025
01:00 PM
ਗੁਰੂ ਨਾਨਕ ਗੁਰਦੁਆਰਾ ਸਮੈਥਵਿਕ
130 High Street,
Smethwick B66 3AP
ਆਵਾਜ਼ਿ ਕੌਮ
AWAZE QAUM
International Newspaper & WEB TV
1978 ਤੋਂ ਹੀ ਅਜਾਦੀ ਦੇ ਸੰਘਰਸ਼ ਦੇ ਥੰਮ੍ਹ, ਗੁਰੂ ਪਿਆਰੇ ਜੁਝਾਰੂ ਕੌਮੀ ਜਰਨੈਲ
ਬੱਬਰ ਖਾਲਸਾ ਇੰਟਰਨੈਸ਼ਨਲ ਦੇ ਜਨਰਲ ਸਕੱਤਰ
ਜਥੇਦਾਰ ਭਾਈ ਮਹਿਲ ਸਿੰਘ ਬੱਬਰ
ਗੁਰੂ ਵੱਲੋਂ ਬਖਸ਼ੀ ਸਵਾਸਾਂ ਦੀ ਪੂੰਜੀ ਨੂੰ ਭੋਗ ਕੇ ਅਕਾਲ ਚਲਾਣਾ ਕਰ ਗਏ ਹਨ। ਉਨਾਂ ਦੀ ਮਿੱਠੀ ਯਾਦ ਵਿੱਚ ਫੈਡਰੇਸ਼ਨ ਆਫ ਸਿੱਖ ਆਰਗੇਨਾਈਜੇਸ਼ਨਜ਼ ਯੂ,ਕੇ ਅਤੇ ਸਮੂਹ ਸਿੱਖ ਜਥੇਬੰਦੀਆਂ ਵਲੋਂ ਸ਼ਰਧਾਂਜ਼ਲੀ ਸਮਾਗਮ ਗੁਰੂ ਨਾਨਕ ਗੁਰਦਵਾਰਾ ਸਮੈਦਿਕ ਵਿਖੇ 6 ਐਪਰੈਲ ਐਤਵਾਰ ਵਾਲੇ ਦਿਨ 1 ਵਜੇ ਕਰਵਾਇਆ ਜਾ ਰਿਹਾ ਹੈ। ਸੋ ਆਪ ਸਭ ਨੂੰ ਸ਼ਮੂਲੀਅਤ ਕਰਨ ਦੀ ਬੇਨਤੀ ਹੈ । ਆਉ ! ਜਿੰਦਗੀ ਦੇ ਚਾਰ ਦਹਾਕੇ ਕੌਮ ਦੇ ਲੇਖੇ ਲਗਾਉਣ ਵਾਲੇ ਅਤੇ ਭਾਰਤ ਸਰਕਾਰ ਮੂਹਰੇ ਗੋਡੇ ਨਾ ਟੇਕਣ ਵਾਲੇ ਕੌਮੀ ਪ੍ਰਵਾਨੇ ਦੀ ਦ੍ਰਿੜ੍ਹਤਾ ਨੂੰ ਸਿੱਜਦਾ ਕਰੀਏ ।


GURU NANAK GURDWARA
SMETHWICK
Guru Nanak Dev Ji Gurmat Academy Smethwick
Canal & River Trust
Making life better by water
CELEBRATE
VAISAKHI
by the
CANAL
Saturday 5th April
10:30am to 2:30pm
TOLL HOUSE
(CANAL ENTRANCE VIA BRIDGE ST NORTH, SMETHWICK)
HAPPY
VAISAKHI
FREE ENTRY
FREE ACTIVITIES
JOIN US FOR LOTS OF FUN!
bouncy castle
tug of war
kayaking
Vaisakhi talks
yummy food
and much more!
Register for Free
Kayaking via
Eventbrite at
https://www.eventbrite.co.uk/e/lets-paddle-kayaking-smethwick-tickets-1286162670169?aff=oddtdtcreator
Guru Nanak Gurdwara Smethwick
130 High Street, Smethwick West Midlands B66 3AP
Tel: 0121 558 2527 | E: info@gngsmethwick.com
ਆਵਾਜ਼ਿ ਕੌਮ AWAZE QAUM
International Newspaper & WEB TV


ੴ ਸਤਿਗੁਰ ਪ੍ਰਸਾਦਿ ॥
ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ
ਪ੍ਰਗਟਿਓ ਖਾਲਸਾ ਅਤੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਿਤ
ਕਥਾ ਕੀਰਤਨ ਦਰਬਾਰ
ਮਿਤੀ 4, 5, 6, 7, 8 ਅਪ੍ਰੈਲ 2025 ਸਮਾਂ ਸ਼ਾਮ 6 ਵਜੇ ਤੋਂ ਰਾਤ 10 ਵਜੇ ਤੱਕ
ਪਿੰਡ ਮੜੌਲੀ ਕਲਾਂ (ਸ਼ਹਿਰ ਮੋਰਿੰਡਾ)
ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ ਜੀ ਤਖਤ ਸ੍ਰੀ ਕੇਸਗੜ੍ਹ ਸਾਹਿਬ
ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜੀ ਸਾਬਕਾ ਜਥੇਦਾਰ
ਸੰਤ ਬਾਬਾ ਗੁਰਦਿਆਲ ਸਿੰਘ ਜੀ ਟਾਂਡੇ ਵਾਲੇ
ਜਥੇਦਾਰ ਬਾਬਾ ਬਲਜੀਤ ਸਿੰਘ ਜੀ ਦਾਦੂਵਾਲ ਸਾਹਿਬ
ਬਾਬਾ ਗੁਲਾਬ ਸਿੰਘ ਜੀ ਸ੍ਰੀ ਚਮਕੌਰ ਸਾਹਿਬ
ਭਾਈ ਸੁਰਿੰਦਰਪਾਲ ਸਿੰਘ ਸੋਢੀ ਮੋਰਿੰਡੇ ਵਾਲੇ
ਬੇਨਤੀ ਕਰਤਾ: ਦਾਸ ਸੁਰਿੰਦਰਪਾਲ ਸਿੰਘ ਸੋਢੀ (ਮੋਰਿੰਡੇ ਵਾਲੇ) ਅਤੇ ਸਮੂਹ ਨਗਰ ਨਿਵਾਸੀ ਸਾਧ ਸੰਗਤ ਪਿੰਡ ਮੜੌਲੀ ਕਲਾਂ 84373-90114


ਸਰਬ ਰੋਗ ਕਾ ਅਉਖਦ ਨਾਮੁ ॥
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ ॥
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਆਓ ਅੰਮ੍ਰਿਤ ਛਕੀਏ, ਸਿੰਘ ਸਜੀਏ
ਮਹਾਨ ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ
ਕਥਾ ਕੀਰਤਨ ਦਰਬਾਰ 4 ਅਤੇ 5 ਅਪ੍ਰੈਲ, ਰਾਤ 6 ਤੋਂ 9 ਵਜੇ ਤੱਕ ਹੋਵੇਗਾ
ਅੰਮ੍ਰਿਤ ਸੰਚਾਰ ਮਿਤੀ 6 ਅਪ੍ਰੈਲ 2025 ਦਿਨ ਐਤਵਾਰ
ਸਵੇਰੇ 10.00 ਵਜੇ
ਸਥਾਨ: ਗੁਰਦੁਆਰਾ ਸਾਹਿਬ, ਪਿੰਡ ਰਾਜੀਆ (ਬਰਨਾਲਾ)
ਅੰਮ੍ਰਿਤ ਅਭਿਲਾਖੀ ਸੰਗਤਾਂ ਸਮੇਂ ਸਿਰ ਪਹੁੰਚ ਕੇ ਖੰਡੇ ਬਾਟੇ ਦੀ ਪਾਹੁਲ ਪ੍ਰਾਪਤ ਕਰਨ ਜੀ।
ਅੰਮ੍ਰਿਤਪਾਨ ਕਰਨ ਵਾਲੇ ਪ੍ਰਾਣੀਆਂ ਨੂੰ ਕਕਾਰ ਭੇਟਾ ਰਹਿਤ (ਫਰੀ) ਦਿੱਤੇ ਜਾਣਗੇ।
ਭਾਈ ਅਮਨਦੀਪ ਸਿੰਘ ਬਡਬਰ 97000-41005
ਪ੍ਰਧਾਨ ਪਰਮਜੀਤ ਸਿੰਘ 93113-00013
ਗੁਰੂ ਕਾ ਲੰਗਰ ਅਤੁੱਟ ਵਰਤੇਗਾ
WATCH ON facebook/youtube
ਵੱਲੋਂ: ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਸਮੂਹ ਨਗਰ ਨਿਵਾਸੀ ਅਤੇ
ਇਲਾਕਾ ਨਿਵਾਸੀ ਸਿੱਖ ਸੰਗਤਾਂ ਪਿੰਡ ਰਾਜੀਆ (ਬਰਨਾਲਾ)
ਵਿਸ਼ੇਸ਼ ਸਹਿਯੋਗ: ਸਿੱਖ ਵਿਰਸਾ ਦਲ, ਪੰਜਾਬ
ਸੰਪਰਕ ਨੰਬਰ: 98141-09794, 95699-91433
Khals MEDIA
ਖਾਲਸ ਮੀਡੀਆ
ਪਹੁੰਚ ਰਹੇ: ਬਾਬਾ ਹਰਜਿੰਦਰ ਸਿੰਘ ਜੀ
ਖਾਲਸਾ ਫਾਰਮ ਭੀਖੀ ਵਾਲੇ

## ਜ਼ਿਲ੍ਹਾਵਾਰ ਮੀਟਿੰਗਾਂ ਵਿੱਚ ਮਿਲੇ ਭਰਪੂਰ ਜਨ ਸਮਰਥਨ ਤੋਂ ਬਾਅਦ

# ਹਲਕਾ ਸਮਰਾਲਾ ਦੀ ਮੀਟਿੰਗ ਨੇ ਵੀ ਧਾਰਿਆ ਰੈਲੀ ਦਾ ਰੂਪ



























**ਸਮਰਾਲਾ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਬਣੀ ਭਰਤੀ ਕਮੇਟੀ ਮੀਟਿੰਗਾਂ ਨੂੰ ਜਿੱਥੇ ਜ਼ਿਲ੍ਹਾਵਾਰ ਮੀਟਿੰਗਾਂ ਵਿੱਚ ਭਰਪੂਰ ਜਨ ਸਮਰਥਨ ਮਿਲਿਆ ਉਥੇ ਹੀ ਅੱਜ ਹਲਕਾ ਸਮਰਾਲਾ ਵਿਖੇ ਹੋਈ ਮੀਟਿੰਗ ਨੇ ਵੀ ਰੈਲੀ ਦਾ ਰੂਪ ਧਾਰਿਆ। ਸਮਰਾਲਾ ਮੀਟਿੰਗ ਵਿੱਚ ਭਰਤੀ ਕਮੇਟੀ ਦੇ ਮੈਂਬਰ ਸਰਦਾਰ ਮਨਪ੍ਰੀਤ ਸਿੰਘ ਇਯਾਲੀ, ਜੱਥੇਦਾਰ ਇਕਬਾਲ ਸਿੰਘ ਝੂੰਦਾ, ਜੱਥੇਦਾਰ ਸੰਤਾ ਸਿੰਘ ਉਮੈਦਪੁਰ ਖਾਸ ਤੌਰ ਤੇ ਹਾਜ਼ਰ ਰਹੇ।

ਆਵਾਜ਼ਿ ਕੌਮ
AWAZE QAUM
International Newspaper & WEB TV

ਸਰਦਾਰ ਮਨਪ੍ਰੀਤ ਸਿੰਘ ਇਯਾਲੀ ਨੇ ਇਸ ਮੌਕੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਦੁਖੀ ਅਤੇ ਹਤਾਸ਼ ਹੈ। ਇਸ ਦੀ ਮੁੱਖ ਵਜ੍ਹਾ ਯੋਗ ਸਿਆਸੀ ਅਗਵਾਈ ਦਾ ਨਾ ਰਹਿਣਾ ਹੈ। ਵੱਡੇ ਵੱਡੇ ਵਾਅਦਿਆਂ ਦਾ ਸਿਆਸੀ ਸਰੋਕਾਰ ਪੂਰਾ ਹੋਣ ਤੋਂ ਬਾਅਦ ਵਿੱਚ ਬਦਲ ਜਾਣਾ, ਇਸ ਨੇ ਪੰਜਾਬੀਆਂ ਨੂੰ ਵੱਡੇ ਪੱਧਰ ਤੇ ਹਤਾਸ਼ ਕੀਤਾ। ਇਸ ਦੇ ਨਾਲ ਹੀ ਸਰਦਾਰ ਇਯਾਲੀ ਨੇ ਕਿਹਾ ਕਿ, ਅੱਜ ਸਾਡੀਆਂ ਵੱਡੀਆਂ ਸੰਸਥਾਵਾਂ ਨੂੰ ਢਾਹ ਲਗਾਉਣ ਦੀ ਕੋਸ਼ਿਸ਼ ਹੀ ਨਹੀਂ ਸਗੋ ਸਾਜਿਸ਼ ਚਲ ਰਹੀ ਹੈ। ਸਰਦਾਰ ਇਯਾਲੀ ਨੇ ਕਿਹਾ ਕਿ ਇਥੋਂ ਤੱਕ ਕਿ ਕੌਮ ਦੀਆਂ ਸਿਰਮੌਰ ਹਸਤੀਆਂ ਸਿੰਘ ਸਾਹਿਬਾਨ ਨੂੰ ਜਲੀਲ ਕਰਕੇ ਹਟਾਇਆ ਜਾਂਦਾ ਹੈ। ਸਰਦਾਰ ਇਯਾਲੀ ਨੇ ਕਿਹਾ ਕਿ ਅੱਜ ਹਤਾਸ਼ ਹੋ ਚੁੱਕੇ ਪੰਜਾਬੀ ਸ਼੍ਰੋਮਣੀ ਅਕਾਲੀ ਦਲ ਤੋਂ ਬੜੀਆਂ ਉਮੀਦਾਂ ਲਗਾਕੇ ਬੈਠੇ ਹਨ, ਇਸ ਲਈ ਦੋ ਦਸੰਬਰ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੁਕਮਨਾਮਾ ਵੀ ਜਾਰੀ ਹੋਇਆ, ਤਾਂ ਜੋ ਪੰਜਾਬ ਅਤੇ ਪੰਥ ਦੀ ਨੁਮਾਇੰਦਾ ਜਮਾਤ ਨੂੰ ਮਜ਼ਬੂਤ ਕੀਤਾ ਜਾ ਸਕੇ,ਜਿਹੜੀ ਪੰਜਾਬ ਦੇ ਹੱਕਾਂ ਦੀ ਰਾਖੀ ਕਰ ਸਕੇ। ਸਰਦਾਰ ਇਯਾਲੀ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਅੱਜ ਸਿਆਸੀ ਅਗਵਾਈ ਕਰਨ ਦਾ ਨੈਤਿਕ ਦਾ ਆਧਾਰ ਗੁਆ ਚੁੱਕੀ ਲੀਡਰਸ਼ਿਪ, ਜਿਹੜਾ ਕਿ ਹੁਕਮਨਾਮਾ ਸਾਹਿਬ ਵਿਚ ਬੜਾ ਸਪੱਸ਼ਟ ਲਿਖਿਆ ਹੈ, ਅੱਜ ਓਹ ਲੀਡਰਸ਼ਿਪ ਤਿਆਗ ਦੀ ਭਾਵਨਾ ਦਿਖਾਉਣ ਦੀ ਬਜਾਏ,ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮਾਂ ਤੇ ਪਹਿਰਾ ਦੇ ਰਹੀ ਪੰਚ ਪ੍ਰਧਾਨੀ ਭਰਤੀ ਕਮੇਟੀ ਦੇ ਮੈਬਰਾਂ ਦੀ ਕਿਰਦਾਰਕੁਸ਼ੀ ਕਰਵਾ ਰਹੀ ਹੈ। ਸਰਦਾਰ ਇਯਾਲੀ ਨੇ ਮੁੜ ਦੁਹਰਾਇਆ ਕਿ ਸਾਡਾ ਕੋਈ ਨਿੱਜੀ ਸਿਆਸੀ ਮੁਫ਼ਾਦ ਨਾ ਸੀ, ਨਾ ਹੈ ਅਤੇ ਨਾ ਹੀ ਰਹੇਗਾ। ਅਸੀਂ ਆਪਣੇ ਮਜ਼ਬੂਤ ਧਰੋਹਰ ਜਮਾਤ ਦੀ ਪੁਨਰ ਸੁਰਜੀਤੀ ਲਈ ਅੱਗੇ ਵਧ ਰਹੇ, ਜਿਸ ਦਾ ਸਬੂਤ ਹਰ ਮੀਟਿੰਗ ਵਿੱਚ ਆਪਣੇ ਆਪ ਉਮੜਦਾ ਜਲ ਸੈਲਾਬ ਹੈ। ਸਰਦਾਰ ਇਯਾਲੀ ਨੇ ਜਾਣਕਾਰੀ ਦਿੱਤੀ ਕਿ ਸਾਡੇ ਅਗਲੇ ਪ੍ਰੋਗਰਾਮ, ਨੀਤੀਆਂ ਦੀ ਜਾਣਾਕਰੀ ਪ੍ਰਾਪਤ ਕਰਨ ਕਰਨ ਲਈ ਵਰਕਰ ਪੁੱਛ ਰਹੇ ਹਨ, ਸਾਡੀ ਹਮੇਸ਼ਾ ਪਹਿਲਕਦਮੀ ਪੰਜਾਬ ਪੰਜਾਬੀ ਅਤੇ ਪੰਜਾਬੀਅਤ ਰਹੇਗੀ। ਸਰਦਾਰ ਇਯਾਲੀ ਨੇ ਕਿਹਾ ਕਿ, ਅੱਜ ਪੰਜਾਬ ਅੰਦਰ ਪਣਪ ਚੁੱਕੀ ਪਰਿਵਾਰਵਾਦ ਦੀ ਸਿਆਸਤ ਨੂੰ ਤੋੜਨ ਦੀ ਲੋੜ ਹੈ, ਤਾਂ ਜੋ ਨੌਜਵਾਨੀ ਨੂੰ ਵੱਧ ਤੋਂ ਵੱਧ ਮੌਕੇ ਮਿਲ ਸਕਣ। ਝੂੰਦਾਂ ਕਮੇਟੀ ਰਿਪੋਰਟ ਦੀ ਗੱਲ ਕਰਦਿਆਂ ਸਰਦਾਰ ਇਯਾਲੀ ਨੇ ਕਿਹਾ ਕਿ ਵਿਧਾਨ ਸਭਾ ਚੋਣਾਂ ਮੌਕੇ ਹੋਈ ਸ਼ਰਮਨਾਕ ਹਾਰ ਤੋਂ ਬਾਅਦ ਕਮੇਟੀ ਮੈਬਰ 100 ਦੇ ਕਰੀਬ ਹਲਕਿਆਂ ਵਿੱਚ ਗਏ, ਵਰਕਰਾਂ ਦੇ ਸੁਝਾਅ ਕਲਮਬੰਦ ਕੀਤੇ ਗਏ, ਵੱਡੀ ਮੰਗ ਲੀਡਰਸ਼ਿਪ ਬਦਲਾਅ ਦੀ ਉੱਠੀ, ਪਰਿਵਾਰਵਾਦ ਦੀ ਸਿਆਸਤ ਤੋਂ ਪਾਰਟੀ ਨੂੰ ਬਾਹਰ ਕੱਢਣ ਦੀ ਮੰਗ ਉੱਠੀ, ਪਾਰਟੀ ਅੰਦਰ ਪ੍ਰਭਾਵਸ਼ਾਲੀ ਹੋ ਚੁੱਕੇ ਅਜਿਹੀ ਸੋਚ ਵਾਲੇ ਨੇਤਾਵਾਂ ਤੇ ਲਗਾਮ ਲਗਾਉਣ ਦੀ ਮੰਗ ਉੱਠੀ ਜਿਹਨਾਂ ਉਪਰ ਕੁਦਰਤੀ ਸਰੋਤਾਂ ਜਰੀਏ ਪੈਸਾ ਇਕੱਠਾ ਕਰਨ ਦੇ ਦੋਸ਼ ਲੱਗਦੇ ਰਹੇ, ਸਰਕਾਰ ਦੌਰਾਨ ਹੋਈਆਂ ਗਲਤੀਆਂ ਗੁਨਾਹਾਂ ਲਈ ਮੁਆਫੀ ਮੰਗ ਲੈਣ ਦੀ ਮੰਗ ਉੱਠੀ, ਪਰ ਸਾਡੀ ਲੀਡਰਸ਼ਿਪ ਜਿਸ ਨੇ ਰਿਪੋਰਟ ਨੂੰ ਹੁਕਮਨਾਮਾ ਸਾਹਿਬ ਦੀ ਤਰਾਂ ਇੰਨ ਬਿੰਨ ਲਾਗੂ ਕਰਨਾ ਸੀ, ਉਸ ਰਿਪੋਰਟ ਨੂੰ ਆਪਣੇ ਸਿਆਸੀ ਮੁਫਾਦਾਂ ਹੇਠ ਪੂਰਨ ਤੇ ਲਾਗੂ ਨਹੀਂ ਹੋਣ ਦਿੱਤਾ ਗਿਆ, ਇਹੀ ਵਜ੍ਹਾ ਸੀ ਕਿ ਅਗਲੀਆਂ ਲੋਕ ਸਭਾ ਚੋਣਾਂ ਵੀ ਬੁਰੀ ਤਰ੍ਹਾਂ ਹਾਰੇ। ਦਰਅਸਲ ਪੰਜਾਬ ਵਾਸੀਆਂ ਨੇ ਵਿਧਾਨ ਸਭਾ ਚੋਣਾਂ ਮੌਕੇ ਨਕਾਰੀ ਜਾ ਚੁੱਕੀ ਲੀਡਰਸ਼ਿਪ ਦੀ ਅਗਵਾਈ ਕਬੂਲਣ ਕੋਰੀ ਨਾਂਹ ਕੀਤੀ। ਸਰਦਾਰ ਇਯਾਲੀ ਨੇ ਕਿਹਾ ਕਿ ਸਾਡੀ ਕਿਸੇ ਵਿਅਕਤੀ ਵਿਸ਼ੇਸ਼ ਨਾਲ ਨਿੱਜੀ ਸਿਆਸੀ ਵਿਰੋਧਤਾ ਨਹੀਂ ਹੈ, ਅਸੀ ਸਿਧਾਂਤਾ ਅਤੇ ਪਾਰਟੀ ਨੂੰ ਬਚਾਉਣ ਅਤੇ 2027 ਵਿਚ ਪੰਜਾਬੀਆਂ ਦੀ ਆਪਣੀ ਅਗਵਾਈ ਵਾਲੀ ਪਾਰਟੀ ਲੀਡਰਸ਼ਿਪ ਹੇਠ ਸੱਤਾ ਪਰਵਰਤਨ ਲਈ ਜਦੋਂ ਜਹਿਦ ਕਰ ਰਹੇ ਹਾਂ ਜਿਸ ਲਈ ਮਿਲ ਰਿਹਾ ਸਮਰਥਨ ਸਾਨੂੰ ਅੱਗੇ ਵਧਣ ਲਈ ਸਾਨੂੰ ਹੌਸਲਾ ਦੇ ਰਿਹਾ ਹੈ।



> **ਅਕਾਲੀ ਵਰਕਰ ਸ਼੍ਰੋਮਣੀ ਅਕਾਲੀ ਦਲ ਦੀ ਮੁੱਖ ਧਾਰਾ ਵਿੱਚ ਹੋਣ ਲੱਗੇ ਲਾਮਬੰਦ**

ਸਰਦਾਰ ਇਕਬਾਲ ਸਿੰਘ ਝੂੰਦਾਂ ਨੇ ਸਰਦਾਰ ਇਯਾਲੀ ਵਲੋਂ ਅਗਲੇ ਦਿੱਤੇ ਜਾਣ ਵਾਲੇ ਪ੍ਰੋਗਰਾਮਾਂ, ਨੀਤੀਆਂ ਦੀ ਪ੍ਰੋੜਤਾ ਕਰਦਿਆਂ ਕਿਹਾ ਕਿ, ਅੱਜ ਹਰ ਪੰਜਾਬੀ ਚਾਹੁੰਦਾ ਹੈ ਕਿ ਸਿਆਸਤ ਨੂੰ ਪਰਿਵਾਰਵਾਦ ਦੇ ਗਲਬੇ ਵਿੱਚੋ ਬਾਹਰ ਕੀਤਾ ਜਾਵੇ, ਇਸ ਲਈ ਪਾਰਟੀ ਦੇ ਸੰਵਿਧਾਨ ਅੰਦਰ ਵੱਡੀਆਂ ਤਬਦੀਲੀਆਂ ਕੀਤੀਆਂ ਜਾਣਗੀਆਂ। ਸਮੇਂ ਸਮੇਂ ਤੇ ਲੋਕਾਂ ਦੀ ਮੰਗ ਅਨੁਸਾਰ ਹਰ ਖੇਤਰ ਵਿੱਚ ਤਬਦੀਲੀ ਆਈ ਵੀ ਹੈ ਅਤੇ ਜਰੂਰੀ ਵੀ ਹੈ। ਇਸ ਲਈ ਸਿਆਸੀ ਖੇਤਰ ਵਿੱਚ ਖਾਸ ਕਰਕੇ ਪੰਥਕ ਅਤੇ ਅਕਾਲੀ ਸਿਆਸਤ ਵਿੱਚ ਸੰਵਿਧਾਨਿਕ ਤਬਦੀਲੀ ਆਵੇ, ਇਸ ਲਈ ਮੰਗ ਅੱਜ ਸਮੁੱਚਾ ਪੰਜਾਬ ਅਤੇ ਪੰਥ ਕਰ ਰਿਹਾ ਹੈ। ਸਰਦਾਰ ਝੂੰਦਾਂ ਨੇ ਹਾਜ਼ਰ ਅਕਾਲੀ ਵਰਕਰਾਂ ਨੂੰ ਵਿਸ਼ਵਾਸ ਦਿਵਾਇਆ ਕਿ ਸਮਾਂ ਲੀਡਰਸ਼ਿਪ ਬਦਲਾਅ ਦਾ ਨਹੀਂ ਸਗੋ ਸਮਰਪਿਤ ਲੀਡਰਸ਼ਿਪ ਦੀ ਅਗਵਾਈ ਦਾ ਹੈ।

ਜੱਥੇਦਾਰ ਸੰਤਾ ਸਿੰਘ ਉਮੈਦਪੁਰੀ ਨੇ ਆਪਣੇ ਧੰਨਵਾਦੀ ਭਾਸ਼ਣ ਵਿੱਚ ਜਿੱਥੇ ਹਾਜ਼ਰ ਵਰਕਰਾਂ ਦਾ ਧੰਨਵਾਦ ਕੀਤਾ ਉਥੇ ਹੀ ਆਪਣੇ ਸੀਮਤ ਸਮੇਂ ਵਿੱਚ ਬੋਲਦਿਆਂ ਕਿਹਾ ਕਿ ਅੱਜ ਦੇ ਇਕੱਠ ਨੇ ਇਸ ਗੱਲ ਤੇ ਮੋਹਰ ਲਗਾਈ ਹੈ ਕਿ ਪੰਜ ਮੈਬਰਾਂ ਦੀ ਅਗਵਾਈ ਹੇਠ ਸਮੁੱਚਾ ਪੰਥ ਅਤੇ ਅਕਾਲੀ ਦਲ ਇੱਕਠਾ ਹੋ ਰਿਹਾ ਹੈ। ਜੱਥੇਦਾਰ ਉਮੈਦਪੁਰੀ ਨੇ ਕਿਹਾ ਕਿ ਵਰਕਰਾਂ ਦੇ ਭਰੋਸੇ ਨੂੰ ਕਿਸੇ ਕੀਮਤ ਉਪਰ ਟੁੱਟਣ ਨਹੀਂ ਦਿੱਤਾ ਜਾਵੇਗਾ। ਅੱਜ ਦੇ ਪ੍ਰੋਗਰਾਮ ਨੂੰ ਕਾਮਯਾਬ ਕਰਨ ਲਈ ਅਤੇ ਹਾਜ਼ਰ ਭਰਤੀ ਕਮੇਟੀ ਦੇ ਮੈਂਬਰਾਂ ਨੂੰ ਜੀ ਆਇਆਂ ਆਖਦੇ ਓਹਨਾ ਵਿਸ਼ਵਾਸ ਦਿਵਾਇਆ ਕਿ ਹਲਕਾ ਸਮਰਾਲਾ ਹਮੇਸ਼ਾ ਪੰਥਕ ਏਕਤਾ ਦਾ ਹਾਮੀ ਰਿਹਾ ਹੈ, ਜਿਸ ਦੀ ਮੋਹਰ ਅੱਜ ਹਾਜ਼ਰ ਵੱਡੀ ਗਿਣਤੀ ਵਿਚ ਸੰਗਤਾਂ ਨੇ ਲਗਾ ਦਿੱਤੀ ਹੈ।

# ਅਪੀਲ

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਦੀ ਯੋਗਤਾ, ਨਿਯੁਕਤੀ, ਕਾਰਜ-ਖੇਤਰ, ਜ਼ਿੰਮੇਵਾਰੀਆਂ ਤੇ ਸੇਵਾ-ਮੁਕਤੀ ਸੰਬੰਧੀ ਨਿਯਮਾਵਲੀ ਬਣਾਉਣ ਲਈ ਸਿੱਖ ਪੰਥ ਦੀਆਂ ਸਮੂਹ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਆਲਮੀ ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਭਾ ਸੁਸਾਇਟੀਆਂ ਅਤੇ ਦੇਸ਼-ਵਿਦੇਸ਼ ਵਿਚ ਵੱਸਦੇ ਸਿੱਖ ਵਿਦਵਾਨਾਂ ਅਤੇ ਬੁੱਧੀਜੀਵੀਆਂ ਨੂੰ ਆਪਣੇ ਸੁਝਾਅ ਭੇਜਣ ਦੀ ਅਪੀਲ ਕੀਤੀ ਜਾਂਦੀ ਹੈ।



ਇਹ ਸੁਝਾਅ
ਮਿਤੀ 20 ਅਪ੍ਰੈਲ 2025 ਤੱਕ
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਨੂੰ ਦਸਤੀ ਰੂਪ ਵਿੱਚ ਜਾਂ
ਅਧਿਕਾਰਤ ਈਮੇਲ
info@sgpc.net ਅਤੇ
ਵੱਟਸਐਪ ਨੰਬਰ 77101-36200
'ਤੇ ਭੇਜੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

ਵੱਲੋਂ: ਐਡਵੋਕੇਟ ਸ. ਹਰਜਿੰਦਰ ਸਿੰਘ ਧਾਮੀ
ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਰਿਫਾਇਨਰੀ ਦਾ ਕਾਲਾ ਧੂੰਆਂ

# ਬਿਮਾਰੀਆਂ ਨੂੰ ਸੱਦਾ ਦੇ ਰਿਹਾ ਹੈ ਅਤੇ ਲੋਕ ਚਿੰਤਤ ਹਨ



**ਤਲਵੰਡੀ ਸਾਬੋ, 02 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਪੰਜਾਬ ਹਰਿਆਣਾ ਸਰਹੱਦ 'ਤੇ ਸਥਿਤ ਕਣਕਵਾਲ ਅਤੇ ਰਾਮਾਂ ਮੰਡੀ ਪਿੰਡਾਂ ਵਿੱਚ ਸਥਿਤ ਸ਼੍ਰੀ ਗੁਰੂ ਗੋਬਿੰਦ ਸਿੰਘ ਤੇਲ ਸੋਧਕ ਕਾਰਖਾਨੇ ਤੋਂ ਪੰਜਾਬ ਹਰਿਆਣਾ ਦੇ ਲੋਕਾਂ ਨੂੰ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਕਿਉਂਕਿ ਕੁਝ ਦਿਨਾਂ ਦੇ ਵਕਫ਼ੇ ਤੋਂ ਬਾਅਦ, ਰਿਫਾਇਨਰੀ ਦੀ ਚਿਮਨੀ ਵਿੱਚੋਂ ਲੰਬੀਆਂ ਅੱਗ ਦੀਆਂ ਲਪਟਾਂ ਅਤੇ ਕਾਲਾ ਧੂੰਆਂ ਨਿਕਲ ਰਿਹਾ ਹੈ। ਜਿਸ ਕਾਰਨ ਨੇੜਲੇ ਪਿੰਡਾਂ ਦੇ ਲੋਕ ਪ੍ਰੇਸ਼ਾਨ ਹੋ ਰਹੇ ਹਨ। ਇਸਦੀ ਚਿਮਨੀ ਵਿੱਚੋਂ ਉੱਠਦੀਆਂ ਅੱਗ ਦੀਆਂ ਲੰਬੀਆਂ ਲਾਟਾਂ ਕਾਰਨ, ਰਾਮਸਰਾ, ਦੇਸੂ, ਹਾਸੂ, ਖੋਖਰ, ਅਸੀਰ, ਮਾਖਾ ਸਮੇਤ ਕਈ ਪਿੰਡਾਂ ਦੇ ਵਸਨੀਕਾਂ ਨੂੰ ਬਹੁਤ ਮੁਸ਼ਕਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਪਿੰਡ ਰਾਮਸਰਾ ਦੇ ਕਿਸਾਨਾਂ ਨੇ ਦੱਸਿਆ ਕਿ ਤੇਲ ਸੋਧਕ ਕਾਰਖਾਨੇ ਦੇ ਸ਼ੋਰ ਅਤੇ ਫੈਕਟਰੀ ਦੀ ਚਿਮਨੀ ਵਿੱਚੋਂ ਨਿਕਲ ਰਹੇ ਪ੍ਰਦੂਸ਼ਿਤ ਧੂੰਏ ਕਾਰਨ ਪਿੰਡ ਵਾਸੀਆਂ ਨੂੰ ਸਾਹ ਲੈਣ ਵਿੱਚ ਮੁਸ਼ਕਲ ਆ ਰਹੀ ਹੈ। ਉੱਥੋਂ ਨਿਕਲ ਰਹੀ ਬਦਬੂ ਨੇ ਜਿਉਣਾ ਮੁਸ਼ਕਲ ਕਰ ਦਿੱਤਾ ਹੈ। ਇਹ ਪਿੰਡ ਵਾਸੀ ਸਾਹ ਲੈਣ ਵਿੱਚ ਤਕਲੀਫ਼, ਦਮਾ ਅਤੇ ਖੰਘ ਵਰਗੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਕਿਸਾਨਾਂ ਨੇ ਕਿਹਾ ਕਿ ਰਿਫਾਇਨਰੀ ਦੇ ਪ੍ਰਦੂਸ਼ਿਤ ਧੂੰਏ ਅਤੇ ਸ਼ੋਰ ਕਾਰਨ, ਮਜ਼ਦੂਰ ਨਾਲ ਲੱਗਦੇ ਖੇਤਾਂ ਵਿੱਚ ਕੰਮ ਕਰਨ ਲਈ ਤਿਆਰ ਨਹੀਂ ਹਨ। ਇਸ ਸਮੇਂ ਕਣਕ ਦੀ ਫ਼ਸਲ ਤਿਆਰ ਹੈ ਅਤੇ ਅਜੇ ਕਟਾਈ ਹੋਣੀ ਬਾਕੀ ਹੈ। ਇਸ ਸਥਿਤੀ ਵਿੱਚ ਕਿਸਾਨ ਭਰਾਵਾਂ ਦੇ ਮਨਾਂ ਵਿੱਚ ਇਹ ਡਰ ਹੈ ਕਿ ਜੇਕਰ ਪੱਕੀ ਕਣਕ ਦੀ ਫ਼ਸਲ 'ਤੇ ਅਚਾਨਕ ਚੰਗਿਆੜੀ ਡਿੱਗ ਪਵੇ ਤਾਂ ਕਈ ਏਕੜ ਕਣਕ ਦੀ ਫ਼ਸਲ ਪੂਰੀ ਤਰ੍ਹਾਂ ਤਬਾਹ ਹੋ ਸਕਦੀ ਹੈ। ਇਹ ਗੱਲ ਧਿਆਨ ਦੇਣ ਯੋਗ ਹੈ ਕਿ ਜਦੋਂ ਕਿਸਾਨ ਆਪਣੀਆਂ ਫਸਲਾਂ ਦੇ ਅਵਸ਼ੇਸ਼ ਨਸ਼ਟ ਕਰਦੇ ਹਨ, ਤਾਂ ਪ੍ਰਸ਼ਾਸਨ ਵੱਲੋਂ ਉਨ੍ਹਾਂ ਨੂੰ ਕਈ ਤਰ੍ਹਾਂ ਦੇ ਚਲਾਨ ਜਾਰੀ ਕੀਤੇ ਜਾਂਦੇ ਹਨ, ਜਦੋਂ ਕਿ ਪ੍ਰਸ਼ਾਸਨ ਚੁੱਪ ਰਹਿੰਦਾ ਹੈ ਅਤੇ ਰਿਫਾਇਨਰੀ ਤੋਂ ਹੋਣ ਵਾਲੇ ਇਸ ਤਰ੍ਹਾਂ ਦੇ ਪ੍ਰਦੂਸ਼ਣ ਪ੍ਰਤੀ ਅੱਖਾਂ ਮੀਟ ਲੈਂਦਾ ਹੈ। ਪ੍ਰਸ਼ਾਸਨ ਇਸ ਵੱਲ ਕੋਈ ਧਿਆਨ ਨਹੀਂ ਦਿੰਦਾ। ਪੀੜਿਤ ਲੋਕਾਂ ਕਹਿਣਾ ਹੈ ਕਿ ਕਿਸਾਨਾਂ ਦੀਆਂ ਫ਼ਸਲਾਂ, ਪਰਾਲੀ ਦਾ ਧੂੰਆਂ ਤਾਂ ਦਿੱਲੀ ਤੱਕ ਚਲੇ ਜਾਣ ਗੱਲ ਕੀਤੀ ਜਾ ਰਹੀ ਪ੍ਰੰਤੂ ਇਸ ਲੋਕ ਮਾਰੂ ਰਿਫਾਇਨਰੀ ਦਾ ਧੂੰਆਂ, ਅੱਗ ਕਿਉਂ ਨਹੀਂ ਦਿੱਲੀ ਪਹੁੰਚਦੀ ? ਪਿੰਡ ਵਾਸੀਆਂ ਵਿੱਚ ਚਰਚਾ ਹੈ ਕਿ ਕਾਨੂੰਨ ਸਿਰਫ਼ ਆਮ ਲੋਕਾਂ 'ਤੇ ਹੀ ਕਿਉਂ ਲਾਗੂ ਹੁੰਦਾ ਹੈ, ਜਦੋਂ ਕਿ ਕਾਨੂੰਨ ਵਿਵਸਥਾ ਸਾਰਿਆਂ ਲਈ ਇੱਕੋ ਜਿਹੀ ਹੈ। ਜੇਕਰ ਇਸਦਾ ਜ਼ਿਹਰੀਲਾ ਧੂੰਆਂ ਇਸੇ ਤਰ੍ਹਾਂ ਨਿਕਲਦਾ ਰਿਹਾ ਤਾਂ ਨੇੜਲੇ ਪਿੰਡਾਂ ਵਿੱਚ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਖ਼ਤਰਾ ਹੋ ਸਕਦਾ ਹੈ। ਪਿੰਡ ਵਾਸੀਆਂ ਦਾ ਕਹਿਣਾ ਹੈ ਕਿ ਇਸ ਮਾਮਲੇ ਸਬੰਧੀ ਰਿਫਾਇਨਰੀ ਦੇ ਅਧਿਕਾਰੀਆਂ ਨੂੰ ਕਈ ਵਾਰ ਮਿਲ ਚੁੱਕੇ ਹਨ ਪਰ ਉਨ੍ਹਾਂ ਦੀਆਂ ਮੰਗਾਂ ਨਹੀਂ ਸੁਣੀਆਂ ਗਈਆਂ। ਪਿੰਡਾਂ ਦੇ ਪੀੜਿਤਾਂ ਵੱਲੋਂ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਇਸ ਸ਼ੋਰ ਦਾ ਸਥਾਈ ਹੱਲ ਕੱਢਿਆ ਜਾਵੇ। ਉਨ੍ਹਾਂ ਕਿਹਾ ਕਿ ਨਿਯਮਾਂ ਅਨੁਸਾਰ, ਜਦੋਂ ਕੋਈ ਤੇਲ ਸੋਧਕ ਕਾਰਖਾਨਾ ਸਥਾਪਤ ਕੀਤਾ ਜਾਂਦਾ ਹੈ, ਤਾਂ ਇਸਦੇ ਆਲੇ-ਦੁਆਲੇ ਕਈ ਕਿਲੋਮੀਟਰ ਦੇ ਖੇਤਰ ਵਿੱਚ ਹਰੇ ਭਰੇ ਰੁੱਖ ਲਗਾਉਣੇ ਪੈਂਦੇ ਹਨ। ਪਰ ਇਸ ਮਾਮਲੇ ਵਿੱਚ ਸਾਰੇ ਨਿਯਮਾਂ ਨੂੰ ਇੱਕ ਪਾਸੇ ਰੱਖ ਦਿੱਤਾ ਗਿਆ ਹੈ। ਇਸ ਸਬੰਧੀ ਜਦੋਂ ਰਿਫਾਇਨਰੀ ਦੇ ਪੀ.ਆਰ.ਓ ਨਰਿੰਦਰ ਕੁਮਾਰ ਸ਼ਰਮਾ ਨਾਲ ਫ਼ੋਨ 'ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਸਾਡੀ ਤਕਨੀਕੀ ਟੀਮ ਇਸ 'ਤੇ ਕੰਮ ਕਰ ਰਹੀ ਹੈ ਅਤੇ ਇਹ ਸਮੱਸਿਆ ਜਲਦੀ ਹੀ ਹੱਲ ਹੋ ਜਾਵੇਗੀ। ਹੁਣ ਦੇਖਣਾ ਇਹ ਹੋਵੇਗਾ ਕਿ ਇਸ ਮਸਲੇ ਦਾ ਹੱਲ ਕਦੋਂ ਤੱਕ ਕੀਤਾ ਜਾਵੇਗਾ।

**ਸਾਹ, ਦਮਾ ਅਤੇ ਖੰਘ ਵਰਗੀਆਂ ਬਿਮਾਰੀਆਂ ਨਾਲ ਲੋਕ ਹੋ ਰਹੇ ਹਨ ਪੀੜਿਤ**

### ਗਹਿਰੀ ਦੇਵੀ ਨਗਰ ਸਕੂਲ ਨੇ

# ਐਨ.ਐਮ.ਐਮ.ਐਸ ਸਕਾਲਰਸ਼ਿਪ ਪ੍ਰੀਖਿਆ ਵਿੱਚ ਰਿਕਾਰਡ ਤੋੜਿਆ

**ਤਲਵੰਡੀ ਸਾਬੋ, 02 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਕੇਂਦਰ ਸਰਕਾਰ ਅਤੇ ਸਿੱਖਿਆ ਵਿਭਾਗ ਹਰ ਸਾਲ ਵਿਦਿਆਰਥੀਆਂ ਨੂੰ ਕਈ ਤਰ੍ਹਾਂ ਦੀਆਂ ਸਹੂਲਤਾਂ ਪ੍ਰਦਾਨ ਕਰਕੇ ਉਹਨਾਂ ਦੇ ਭਵਿੱਖ ਨੂੰ ਸ਼ਾਨਦਾਰ ਬਣਾਉਣ ਦੀ ਕੋਸ਼ਿਸ਼ ਕਰਦੀ ਹੈ। ਇਹਨਾਂ ਸਹੂਲਤਾਂ ਵਿੱਚ ਕਈ ਤਰ੍ਹਾਂ ਦੇ ਵਜ਼ੀਫੇ ਵਿਦਿਆਰਥੀਆਂ ਨੂੰ ਪ੍ਰਦਾਨ ਕਰਦੀ ਹੈ ਤਾਂ ਕਿ ਵਿਦਿਆਰਥੀ ਆਪਣੀ ਅਗਲੇਰੀ ਪੜ੍ਹਾਈ ਨੂੰ ਵੀ ਜਾਰੀ ਰੱਖ ਸਕਣ ਇਸੇ ਹੀ ਤਰ੍ਹਾਂ ਹਰ ਸਾਲ ਸਿੱਖਿਆ ਵਿਭਾਗ



ਐਨ.ਐਮ.ਐਮ.ਐਸ ਸਕਾਲਰਸ਼ਿਪ ਦੀ ਪ੍ਰੀਖਿਆ ਵੀ ਕਰਵਾਉਂਦਾ ਹੈ। ਇਸ ਵਾਰ ਵੀ ਇਹ ਪ੍ਰੀਖਿਆ ਕਰਵਾਈ ਗਈ ਜਿਸ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗਹਿਰੀ ਦੇਵੀ ਨਗਰ ਜਿਲਾ ਬਠਿੰਡਾ ਦੇ ਵਿਦਿਆਰਥੀਆਂ ਨੇ ਵੱਧ ਚੜ ਕੇ ਭਾਗ ਲਿਆ ਅਤੇ ਸੈਸ਼ਨ 2024-25 ਦੌਰਾਨ 8 ਵਿਦਿਆਰਥੀਆਂ ਨੇ ਇਸ ਵਾਰ ਇਹ ਪ੍ਰੀਖਿਆ ਪਾਸ ਕੀਤੀ। ਜਿਹੜਾ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗਹਿਰੀ ਦੇਵੀ ਨਗਰ ਦਾ ਆਪਣਾ ਹੀ ਰਿਕਾਰਡ ਹੈ। ਅੱਜ ਇੱਕ ਸਾਦੇ ਪ੍ਰੋਗਰਾਮ ਵਿੱਚ ਗ੍ਰਾਮ ਪੰਚਾਇਤ ਕਮੇਟੀਆਂ ਦੇ ਮੈਂਬਰ ਸਾਹਿਬਾਨ, ਸਕੂਲ ਪ੍ਰਿੰਸੀਪਲ ਅਤੇ ਅਧਿਆਪਕਾਂ ਨੇ ਇਹਨਾਂ ਵਿਦਿਆਰਥੀਆਂ ਨੂੰ ਮੈਡਲ ਪਹਿਨਾ ਕੇ ਸਨਮਾਨਿਤ ਕੀਤਾ। ਇਸ ਸਮੇਂ ਵਿਦਿਆਰਥੀਆਂ ਨੂੰ ਪਿੰਡ ਦੇ ਸਰਪੰਚ ਸਰਦਾਰ ਬਲਜੀਤ ਸਿੰਘ ਨੇ ਹੋਰ ਪ੍ਰੀਖਿਆਵਾਂ ਵਿੱਚ ਵੀ ਮਿਹਨਤ ਕਰਕੇ ਪਾਸ ਕਰਨ ਲਈ ਦੀ ਪ੍ਰੇਰਤ ਕੀਤਾ। ਇਸ ਸਮੇਂ ਸਕੂਲ ਪ੍ਰਿੰਸੀਪਲ ਸ਼੍ਰੀਮਤੀ ਲਵਲੀਨ ਕੌਰ ਨੇ ਖੁਸ਼ੀ ਜਾਹਿਰ ਕਰਦਿਆਂ ਦੱਸਿਆ ਕਿ ਇਹ ਪ੍ਰੀਖਿਆ ਰਾਸ਼ਟਰੀ ਪੱਧਰ ਦੀ ਪ੍ਰੀਖਿਆ ਹੁੰਦੀ ਹੈ ਉਹਨਾਂ ਦੱਸਿਆ ਕਿ ਇਹ ਪ੍ਰੀਖਿਆ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ 12000 ਰੁਪਏ ਸਲਾਨਾ ਵਜ਼ੀਫਾ ਮਿਲਦਾ ਹੈ। ਜਿਹੜੇ ਬਾਰਵੀਂ ਕਲਾਸ ਤੱਕ ਦੀ ਪੜ੍ਹਾਈ ਜਾਰੀ ਰੱਖਣ ਵਾਲੇ ਵਿਦਿਆਰਥੀਆਂ ਨੂੰ ਮਿਲਦੇ ਹਨ। ਉਹਨਾਂ ਅੱਗੇ ਦੱਸਿਆ ਕਿ ਸਾਡੇ ਸਕੂਲ ਦੇ ਮਿਹਨਤੀ ਅਧਿਆਪਕਾ ਸ਼੍ਰੀਮਤੀ ਪਰਵਿੰਦਰ ਕੌਰ, ਮੈਡਮ ਰਣਦੀਪ ਕੌਰ, ਮੋਨਿਕਾ ਤਾਇਲ, ਤੁਲਕਾ ਰੰਗ ਬੁਲਾ, ਅਮਨਦੀਪ ਕੌਰ ਮੋਨਿਕਾ ਰਾਣੀ ਅਤੇ ਤਨੂ ਮੈਡਮ ਆਦੀ ਨੇ ਬਹੁਤ ਹੀ ਮਿਹਨਤ ਨਾਲ ਵਿਦਿਆਰਥੀਆਂ ਨੂੰ ਇਸ ਪ੍ਰੀਖਿਆ ਦੀ ਤਿਆਰੀ ਕਰਵਾਈ ਜਿਹੜੀ ਕਿ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਰੰਗ ਲਿਆਈ ਹੈ। ਇਸ ਸਮੇਂ ਸਕੂਲ ਅਧਿਆਪਕ ਸ੍ਰੀ ਮੋਤੀ ਰਾਮ ਨੇ ਦੱਸਿਆ ਕਿ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗਹਿਰੀ ਦੇਵੀ ਨਗਰ ਬਠਿੰਡਾ ਹਰ ਖੇਤਰ ਵਿੱਚ ਤਰੱਕੀ ਦੇ ਰਾਹ ਤੇ ਹੈ ਕਿਉਂਕਿ ਵਿਦਿਆਰਥੀ ਹਰ ਖੇਤਰ ਵਿੱਚ ਵੱਧ ਚੜ ਕੇ ਭਾਗ ਲੈ ਰਹੇ ਹਨ ਤੇ ਸਕੂਲ ਦਾ ਨਾਮ ਚਮਕਾ ਰਹੇ ਹਨ। ਇਸ ਸਮੇਂ ਗ੍ਰਾਮ ਪੰਚਾਇਤ ਮੈਂਬਰਾਂ ਤੋਂ ਇਲਾਵਾ ਮੋਹਤਬਰ ਵਿਅਕਤੀ, ਮਾਪੇ ਅਤੇ ਸਕੂਲ ਦਾ ਸਮੂਹ ਸਟਾਫ ਵੀ ਹਾਜ਼ਰ ਸੀ।

# ਸ਼ਰਧਾਪੂਰਵਕ ਢੰਗ ਨਾਲ ਮਨਾਇਆ ਜਾਵੇਗਾ ਵਿਸਾਖੀ ਮੇਲਾ- ਡਿਪਟੀ ਕਮਿਸ਼ਨਰ

### ਵਿਸਾਖੀ ਮੇਲੇ ਦੀ ਅਗਾਊਂ ਤਿਆਰੀਆਂ ਸਬੰਧੀ ਕੀਤੀ ਮੀਟਿੰਗ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਸੌਂਪੀਆਂ ਡਿਊਟੀਆਂ



ਬਠਿੰਡਾ, 2 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਤਖਤ ਸ਼੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਹਰ ਸਾਲ ਦੀ ਤਰ੍ਹਾਂ 13 ਅਪ੍ਰੈਲ ਨੂੰ ਮਨਾਇਆ ਜਾਣ ਵਾਲਾ ਵਿਸਾਖੀ ਮੇਲਾ ਸ਼ਰਧਾਪੂਰਵਕ ਢੰਗ ਨਾਲ ਮਨਾਇਆ ਜਾਵੇਗਾ। ਇਹ ਜਾਣਕਾਰੀ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੇਲੇ ਦੀਆਂ ਆਗਾਊਂ ਤਿਆਰੀਆਂ ਸਬੰਧੀ ਕੀਤੀ ਗਈ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸਾਂਝੀ ਕੀਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਮੇਲੇ ਦੇ ਕਨਵੀਨਰ ਵਧੀਕ ਡਿਪਟੀ ਕਮਿਸ਼ਨਰ (ਸ਼ਹਿਰੀ ਵਿਕਾਸ) ਸ਼੍ਰੀ ਨਰਿੰਦਰ ਸਿੰਘ ਅਤੇ ਮੇਲਾ ਅਫਸਰ ਐਸਡੀਐਮ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ ਹੋਣਗੇ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਜ਼ੁੰਮੇਵਾਰੀਆਂ ਸੌਂਪੀਆਂ। ਇਸ ਮੌਕੇ ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਨੂੰ ਵੱਖ-ਵੱਖ ਸੈਕਟਰਾਂ ਵਿੱਚ ਵੰਡ ਕੇ ਉਨ੍ਹਾਂ ਦਾ ਵੱਖਰਾ ਪਲਾਨ ਤਿਆਰ ਕਰਨਾ ਲਾਜ਼ਮੀ ਬਣਾਇਆ ਜਾਵੇ। ਉਨ੍ਹਾਂ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਵਾਲੇ ਸਥਾਨ 'ਤੇ ਕੰਟਰੋਲ ਰੂਮ ਸਥਾਪਤ ਕਰਨਾ ਲਾਜ਼ਮੀ ਬਣਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਟ੍ਰੈਫਿਕ ਦੀ ਵਿਵਸਥਾ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਆਰਜੀ ਰੂਟ ਪਲਾਨ ਤਿਆਰ ਕੀਤਾ ਜਾਵੇ। ਉਨ੍ਹਾਂ ਪੀਆਰਟੀਸੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਦੌਰਾਨ ਆਉਣ ਵਾਲੀ ਸੰਗਤ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਆਰਜੀ ਬੱਸ ਸਟੈਂਡ ਅਤੇ ਆਰਜੀ ਰੂਟਾਂ ਦਾ ਪ੍ਰਬੰਧ ਕੀਤਾ ਜਾਵੇ। ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਐਨਡੀਆਰਐਫ਼ ਅਤੇ ਗੋਤਾਖ਼ੋਰ ਟੀਮ ਦਾ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਮੇਲੇ ਦੌਰਾਨ ਮੈਡੀਕਲ ਟੀਮਾਂ ਦਾ ਖਾਸ ਪ੍ਰਬੰਧ ਕਰਨਾ ਯਕੀਨੀ ਬਣਾਇਆ ਜਾਵੇ। ਇਸ ਮੌਕੇ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਮੇਲੇ ਦੌਰਾਨ ਆਮ ਜਨਤਾ ਅਤੇ ਸ਼ਰਧਾਲੂਆਂ (ਔਰਤਾਂ ਤੇ ਪੁਰਸ਼ਾਂ) ਲਈ ਵੱਖ-ਵੱਖ ਥਾਵਾਂ 'ਤੇ ਆਰਜੀ ਪਖਾਨੇ ਬਣਵਾਉਣੇ ਲਾਜ਼ਮੀ ਬਣਾਏ ਜਾਣ। ਇਸ ਦੌਰਾਨ ਉਨ੍ਹਾਂ ਬਿਜਲੀ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਮੇਲੇ ਦੌਰਾਨ ਨਿਰਵਿਘਨ ਬਿਜਲੀ ਸਪਲਾਈ ਤੋਂ ਇਲਾਵਾ ਜਿਥੇ ਕਿਤੇ ਵੀ ਢਿੱਲੀਆਂ ਜਾਂ ਨੰਗੀਆਂ ਤਾਰਾਂ ਹਨ, ਨੂੰ ਚੰਗੀ ਤਰ੍ਹਾਂ ਠੀਕ ਕਰਨਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰ ਅੰਦਰ ਚੌਂਕਾਂ ਦੀ ਸਜਾਵਟ, ਮੇਲੇ ਦੌਰਾਨ ਪ੍ਰਮੁੱਖ ਸਥਾਨਾਂ 'ਤੇ ਸੀਸੀਟੀਵੀ ਕੈਮਰੇ, ਨਹਿਰਾ 'ਤੇ ਸੁਰੱਖਿਆ ਕਰਮੀਆਂ ਦੀ ਤਾਇਨਾਤੀ, ਸਾਫ-ਸਫਾਈ ਅਤੇ ਪੀਣ ਵਾਲੇ ਸਾਫ ਪਾਣੀ ਆਦਿ ਦੇ ਸਾਰੇ ਪ੍ਰਬੰਧ ਮੁਕੰਮਲ ਕਰਨੇ ਲਾਜ਼ਮੀ ਬਣਾਏ ਜਾਣ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ, ਐਸਪੀ ਹੈਡਕੁਆਰਟਰ ਸ਼੍ਰੀ ਗੁਰਮੀਤ ਸਿੰਘ ਸੰਧੂ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਭਗਵੰਤ ਮਾਨ 3 ਅਪ੍ਰੈਲ ਨੂੰ ਵਰਲਡ ਸਕਿੱਲ ਕੈਂਪਸ ਆਫ ਐਕਸੀਲੈਂਸ ਅਤੇ ਨਵੀਨੀਕਰਨ ਕੀਤੀ ਆਈ.ਟੀ.ਆਈ. ਦਾ ਕਰਨਗੇ ਉਦਘਾਟਨ

ਨਵੀਂ ਦਿੱਲੀ, 2 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਲੁਧਿਆਣਾ ਦੇ ਮੱਧ ਵਿੱਚ 20 ਏਕੜ ਵਿੱਚ ਫੈਲੇ ਵਰਲਡ ਸਕਿੱਲਜ਼ ਕੈਂਪਸ ਆਫ਼ ਐਕਸੀਲੈਂਸ ਅਤੇ ਨਵੀਨੀਕਰਨ ਕੀਤੇ ਗਏ ਇੰਡਸਟਰੀਅਲ ਟ੍ਰੇਨਿੰਗ ਇੰਸਟੀਚਿਊਟ (ਆਈ.ਟੀ.ਆਈ.) ਦਾ ਉਦਘਾਟਨ ਵੀਰਵਾਰ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਕਰਨਗੇ। ਡਾ. ਵਿਕਰਮਜੀਤ ਸਿੰਘ ਸਾਹਨੀ, ਪਦਮਸ਼੍ਰੀ, ਸੰਸਦ ਮੈਂਬਰ, ਰਾਜ ਸਭਾ ਨੇ ਆਈ.ਟੀ.ਆਈ. ਲੁਧਿਆਣਾ ਨੂੰ ਅਪਣਾਇਆ ਹੈ ਅਤੇ ਸਰਗਰਮੀ ਨਾਲ ਮਾਰਗਦਰਸ਼ਨ ਕਰ ਰਹੇ ਹਨ, ਜੋ ਕਿ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਅਗਵਾਈ ਵਾਲੇ ਤਕਨੀਕੀ ਸਿੱਖਿਆ ਵਿਭਾਗ ਦੇ ਅਧੀਨ ਆਉਂਦਾ ਹੈ। ਡਾ. ਸਾਹਨੀ ਨੇ ਆਈ.ਟੀ.ਆਈ. ਲੁਧਿਆਣਾ ਨੂੰ ਅਪਗ੍ਰੇਡ ਕਰਨ ਲਈ ਆਪਣੇ ਐਮ.ਪੀ.ਐਲ.ਏ.ਡੀ. ਫੰਡ ਵਿੱਚੋਂ 2 ਕਰੋੜ ਰੁਪਏ ਅਤੇ ਆਪਣੀ ਜੇਬ ਵਿੱਚੋਂ 70 ਲੱਖ ਰੁਪਏ ਦਾ ਯੋਗਦਾਨ ਪਾਇਆ ਹੈ। ਅਪਗ੍ਰੇਡ ਦੇ ਕੰਮ ਵਿੱਚ ਆਧੁਨਿਕ, ਅਤਿ-ਆਧੁਨਿਕ ਤਕਨਾਲੋਜੀ ਜਿਵੇਂ ਕਿ ਰੋਬੋਟਿਕ ਵੈਲਡਰ, 3ਡੀ ਪ੍ਰਿੰਟਿੰਗ ਮਸ਼ੀਨਾਂ, ਸੀਐਨਸੀ ਮਸ਼ੀਨਾਂ, ਆਦਿ ਦੀ ਸਥਾਪਨਾ, ਆਡੀਓ-ਵੀਡੀਓ ਸੈੱਟਅੱਪ ਵਾਲੇ ਡਿਜੀਟਲ ਕਲਾਸਰੂਮ, ਅਤੇ ਹੁਨਰ-ਅਧਾਰਤ ਸਿੱਖਿਆ ਨੂੰ ਵਧਾਉਣ ਲਈ ਉੱਨਤ ਸਿਖਲਾਈ ਪ੍ਰਯੋਗਸ਼ਾਲਾਵਾਂ ਸ਼ਾਮਲ ਹਨ। ਆਈ.ਟੀ.ਆਈ. ਵਿੱਚ ਕੁੱਲ 37 ਵੱਖ-ਵੱਖ ਕੋਰਸ ਹਨ। ਰੁਜ਼ਗਾਰ ਉਤਪਤੀ ਅਤੇ ਹੁਨਰ ਵਿਕਾਸ ਮੰਤਰੀ ਅਮਨ ਅਰੋੜਾ ਦੀ ਅਗਵਾਈ ਵਾਲੇ ਪੰਜਾਬ ਹੁਨਰ ਵਿਕਾਸ ਮਿਸ਼ਨ ਦਾ ਇੱਕ ਸੰਸਥਾ, ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰ (ਐਮਐਸਡੀਸੀ) ਸਾਲਾਂ ਤੋਂ ਖਾਲੀ ਅਤੇ ਘੱਟ ਵਰਤੋਂ ਵਾਲਾ ਪਿਆ ਸੀ। ਇਸਦੀ ਸਮਰੱਥਾ ਨੂੰ ਪਛਾਣਦੇ ਹੋਏ, ਡਾ. ਸਾਹਨੀ ਨੇ ਇਸਨੂੰ ਇੱਕ ਆਧੁਨਿਕ ਸਕਿੱਲ ਕੈਂਪਸ ਆਫ ਐਕਸੀਲੈਂਸ ਵਿੱਚ ਬਦਲਣ ਲਈ ਪੂੰਜੀ ਖਰਚ 'ਤੇ ਨਿੱਜੀ ਤੌਰ 'ਤੇ 2.5 ਕਰੋੜ ਰੁਪਏ ਖਰਚ ਕੀਤੇ ਹਨ। ਇਸ ਸਹੂਲਤ ਵਿੱਚ ਹੁਣ ਆਰਟੀਫੀਸ਼ੀਅਲ ਇੰਟੈਲੀਜੈਂਸ, ਏਵੀਏਸ਼ਨ, ਪ੍ਰਾਹੁਣਚਾਰੀ ਅਤੇ ਸੈਰ-ਸਪਾਟਾ, ਖੇਤੀਬਾੜੀ ਹੁਨਰ ਵਿਕਾਸ, ਫੈਸ਼ਨ ਡਿਜ਼ਾਈਨਿੰਗ, ਬਿਊਟੀਸ਼ੀਅਨ ਕੋਰਸ, ਨਰਸਿੰਗ, ਸੀਐਨਸੀ ਪ੍ਰੋਗਰਾਮਿੰਗ, ਇਲੈਕਟ੍ਰੀਸ਼ੀਅਨ, ਵੈਲਡਿੰਗ ਅਤੇ ਰਾਸ਼ਟਰੀ ਹੁਨਰ ਵਿਕਾਸ ਨਿਗਮ (ਐਨਐਸਡੀਸੀ) ਵੱਲੋਂ ਮਾਨਤਾ ਪ੍ਰਾਪਤ ਕਈ ਹੋਰ ਕੋਰਸਾਂ ਲਈ ਅਤਿ-ਆਧੁਨਿਕ ਸਿਖਲਾਈ ਪ੍ਰਯੋਗਸ਼ਾਲਾਵਾਂ ਹਨ। ਇਹ ਸਾਰੇ ਕੋਰਸ ਪੂਰੀ ਤਰ੍ਹਾਂ ਮੁਫ਼ਤ ਪ੍ਰਦਾਨ ਕੀਤੇ ਜਾਣਗੇ, ਜੋ ਲੁਧਿਆਣਾ ਅਤੇ ਆਸ ਪਾਸ ਦੇ ਜ਼ਿਲ੍ਹਿਆਂ ਦੇ ਚਾਹਵਾਨ ਨੌਜਵਾਨਾਂ ਲਈ ਹੁਨਰ ਵਿਕਾਸ ਅਤੇ ਰੁਜ਼ਗਾਰ ਨੂੰ ਯਕੀਨੀ ਬਣਾਉਂਦੇ ਹਨ। ਇਸ ਤੋਂ ਇਲਾਵਾ, ਸੈਂਟਰ ਨੂੰ ਚਲਾਉਣ ਦੇ ਸਾਰੇ ਸੰਚਾਲਨ ਖਰਚੇ, ਜਿਸ ਵਿੱਚ ਟ੍ਰੇਨਰਾਂ ਦੀਆਂ ਤਨਖਾਹਾਂ ਅਤੇ ਹੋਰ ਮਹੀਨਾਵਾਰ ਖਰਚੇ ਸ਼ਾਮਲ ਹਨ, ਡਾ. ਵਿਕਰਮਜੀਤ ਸਿੰਘ ਸਾਹਨੀ ਨਿੱਜੀ ਤੌਰ 'ਤੇ ਚੁੱਕਣਗੇ। ਵਰਲਡ ਸਕਿੱਲਜ਼ ਕੈਂਪਸ ਆਫ਼ ਐਕਸੀਲੈਂਸ ਵਿੱਚ ਹੁਨਰ ਸਿਖਲਾਈ ਪ੍ਰਦਾਨ ਕਰਨ ਅਤੇ ਸਾਲਾਨਾ 5,000 ਤੋਂ ਵੱਧ ਵਿਦਿਆਰਥੀਆਂ ਨੂੰ ਨੌਕਰੀ ਦੇਣ ਦੀ ਸਮਰੱਥਾ ਹੈ, ਜੋ ਪੰਜਾਬ ਵਿੱਚ ਕਾਰਜਬਲ ਵਿਕਾਸ ਅਤੇ ਰੁਜ਼ਗਾਰ ਪੈਦਾ ਕਰਨ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦਾ ਹੈ।



ਕੈਲੇਫੋਰਨੀਆ ਦੀ ਸਿਹਤ ਤੇ ਸੁਰੱਖਿਆ ਕਮੇਟੀ ਵੱਲੋਂ

# ਅੰਤਰਰਾਸ਼ਟਰੀ ਦਮਨ (ਟਰਾਂਸ ਨੈਸ਼ਨਲ) ਬਿੱਲ ਐਸਬੀ 509 ਨੂੰ ਮਨਜ਼ੂਰੀ



ਨਵੀਂ ਦਿੱਲੀ 2 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):- ਕੈਲੇਫੋਰਨੀਆ ਦੀ ਸਿਹਤ ਅਤੇ ਸੁਰੱਖਿਆ ਕਮੇਟੀ ਵੱਲੋਂ ਟਰਾਂਸ ਨੈਸ਼ਨਲ ਬਿੱਲ ਨੂੰ ਮਨਜ਼ੂਰ ਕਰਕੇ ਕੈਲੇਫੋਰਨੀਆ ਅਸੈਂਬਲੀ ਵਿੱਚ ਪੇਸ਼ ਕਰਣ ਲਈ ਰਾਹ ਪੱਧਰਾ ਕਰ ਦਿੱਤਾ ਹੈ। ਹਰੇਕ ਬਿੱਲ ਅੰਸੈਬਲੀ ਵਿੱਚ ਜਾਣ ਤੋਂ ਪਹਿਲਾਂ, ਕਈ ਕਮੇਟੀਆਂ ਵਿੱਚ ਉਸਦੀ ਜ਼ਰੂਰਤ ਤੇ ਵਾਜਿਬ ਹੋਣ ਦੀਆਂ ਬਹਿਸਾਂ ਹੁੰਦੀਆਂ ਹਨ। ਇਹਨਾਂ ਕਮੇਟੀਆਂ ਦੀ ਮਨਜ਼ੂਰੀ ਤੋਂ ਬਾਅਦ ਹੀ ਬਿੱਲ ਆਖਰੀ ਪ੍ਰਵਾਣਗੀ ਲਈ ਕੈਲੇਫੋਰਨੀਆ ਅੰਸੈਬਲੀ ਵਿੱਚ ਪੇਸ਼ ਕੀਤਾ ਜਾਂਦਾ ਹੈ। ਅਸੈਂਬਲੀ ਵਿੱਚ ਪਾਸ ਹੋਣ ਤੋਂ ਬਾਅਦ ਗਵਰਨਰ ਦੇ ਦਸਤਖ਼ਤਾਂ ਨਾਲ ਉਹ ਬਿੱਲ ਲਾਗੂ ਹੁੰਦਾ ਹੈ। ਟਰਾਂਸ ਨੈਸ਼ਨਲ (ਅੰਤਰਰਾਸ਼ਟਰੀ ਦਮਨ) ਦਾ ਅਰਥ ਹੈ ਜਦੋਂ ਇੱਕ ਸਰਕਾਰ ਜਾਂ ਕੋਈ ਅਧਿਕਾਰਤ ਸੰਸਥਾ ਆਪਣੀ ਸੀਮਾ ਤੋਂ ਬਾਹਰ ਹੋਰ ਦੇਸ਼ਾਂ ਵਿੱਚ ਰਹਿ ਰਹੀਆਂ ਆਪਣੇ ਵਿਰੋਧੀਆਂ, ਘੱਟ ਗਿਣਤੀ ਸਮੂਹਾਂ ਜਾਂ ਵਿਅਕਤੀਆਂ ਖਿਲਾਫ਼ ਦਬਾਅ ਬਣਾਉਂਦੀ ਹੈ, ਉਨ੍ਹਾਂ ਨੂੰ ਧਮਕੀਆਂ ਦਿੰਦੀ ਹੈ ਜਾਂ ਉਨ੍ਹਾਂ ਉਤੇ ਹਮਲੇ ਕਰਵਾਉਂਦੀ ਹੈ। ਇਸ ਵਿੱਚ ਅਕਸਰ ਵਿਦੇਸ਼ਾਂ ਵਿੱਚ ਰਹਿੰਦੇ ਨਿਵਾਸੀਆਂ ਨੂੰ ਜਾਸੂਸੀ ਕਰਕੇ ਨਿਸ਼ਾਨਾ ਬਣਾਉਣਾ, ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਨੂੰ ਭਾਰਤ ਵਿੱਚ ਤੰਗ ਕਰਨਾ, ਜਾਂ ਕਿਸੇ ਵੀ ਤਰੀਕੇ ਨਾਲ ਉਨ੍ਹਾਂ ਦੀ ਆਵਾਜ਼ ਦਬਾਉਣ ਦੀ ਕੋਸ਼ਿਸ਼ ਕਰਨੀ ਸ਼ਾਮਲ ਹੁੰਦੀ ਹੈ। ਭਾਰਤ ਵੱਲੋਂ ਵਿਦੇਸ਼ਾਂ ਵਿੱਚ ਸਿੱਖਾਂ ਦੇ ਕਤਲ ਜਿਹਨਾਂ ਵਿੱਚ ਭਾਈ ਹਰਦੀਪ ਸਿੰਘ ਨਿੱਝਰ, ਭਾਈ ਅਵਤਾਰ ਸਿੰਘ ਅਤੇ ਭਾਈ ਪਰਮਜੀਤ ਸਿੰਘ ਪੰਜਵੜ ਹਨ ਜਾਂ ਇਰਾਦਾ ਕਤਲ ਜਿਸ ਵਿੱਚ ਸਰਦਾਰ ਗੁਰਪਤਵੰਤ ਸਿੰਘ ਪੰਨੂ, ਡਾਕਟਰ ਪ੍ਰਿਤਪਾਲ ਸਿੰਘ ਜਾਂ ਹੋਰ ਸਿੱਖਾਂ ਨੂੰ ਵੀਜ਼ੇ ਨਾਂ ਦੇਣ ਦੀਆਂ ਧਮਕੀਆਂ ਇਸਦੀਆਂ ਖ਼ਾਸ ਉਦਾਹਰਣਾਂ ਹਨ। ਐਸਬੀ 509 ਬਿੱਲ ਇਸੇ ਗੱਲ ਨੂੰ ਲੈ ਕੇ ਤਿਆਰ ਕੀਤਾ ਗਿਆ ਹੈ, ਤਾਂ ਜੋ ਅਮਰੀਕਾ ਵਿੱਚ ਭਾਰਤੀ ਸਰਕਾਰ ਵਲੋਂ ਘੱਟ ਗਿਣਤੀ ਭਾਈਚਾਰਿਆਂ ਉਤੇ ਹੋ ਰਹੇ ਦਮਨ ਨੂੰ ਰੋਕਣ ਲਈ ਨਵੇਂ ਕਾਨੂੰਨੀ ਕਦਮ ਚੁੱਕੇ ਜਾ ਸਕਣ। ਕੈਲੇਫੋਰਨੀਆ ਦੇ ਵੱਖ-ਵੱਖ ਗੁਰਦੁਆਰਾ ਕਮੇਟੀਆਂ ਅਤੇ ਪੰਥਕ ਸੰਸਥਾਵਾਂ ਨੇ ਸੈਨੇਟਰ ਅੰਨਾ ਕਾਬਾਲੇਰੋ ਅਤੇ ਅਸੈਂਬਲੀ ਮੈਂਬਰ ਬੀਬੀ ਡਾਕਟਰ ਜਸਮੀਤ ਕੌਰ ਬੈਂਸ ਦਾ ਧੰਨਵਾਦ ਕਰਦੇ ਹੋਏ ਉਹਨਾਂ ਵੱਲੋਂ ਲਏ ਗਏ ਨਿਧੜਕ ਸਟੈਂਡ ਦੀ ਪ੍ਰਸ਼ੰਸਾ ਕੀਤੀ। ਇਹਨਾਂ ਦੋਹਾਂ ਵੱਲੋਂ ਐਸਬੀ 509 ਬਿੱਲ ਨੂੰ ਲਿਖਣ ਅਤੇ ਪੇਸ਼ ਕੀਤਾ ਗਿਆ। ਇਸ ਬਿੱਲ ਦੀ ਵਿਰੋਧਤਾ 15 ਤੋਂ ਉੱਪਰ ਮੋਦੀ ਪੱਖੀ ਹਿੰਦੂ ਸੰਸਥਾਵਾਂ ਅਤੇ ਆਰਐਸਐਸ ਨੇ ਕੀਤੀ ਪਰ ਇਹ ਬਿੱਲ ਕਮੇਟੀ ਨੂੰ ਸਰਬਸੰਮਤੀ ਨਾਲ ਪ੍ਰਵਾਣ ਕਰ ਲਿਆ ਹੈ। ਸਿੱਖ ਪੰਚਾਇਤ ਦੇ ਭਾਈ ਕਸ਼ਮੀਰ ਸਿੰਘ ਸ਼ਾਹੀ ਨੇ ਉਹਨਾਂ ਸਾਰੇ ਗੁਰਦੁਆਰਾ ਸਾਹਿਬ ਕਮੇਟੀਆਂ ਅਤੇ ਸਿੱਖ ਸੰਸਥਾਵਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਇਸਦੇ ਹੱਕ ਵਿੱਚ ਚਿੱਠੀਆਂ ਲਿਖ ਕੇ ਇਸਦਾ ਸਮਰਥਨ ਕੀਤਾ।

- ਬਿੱਲ ਦੀ ਵਿਰੋਧਤਾ 15 ਤੋਂ ਉੱਪਰ ਮੋਦੀ ਪੱਖੀ ਹਿੰਦੂ ਸੰਸਥਾਵਾਂ ਅਤੇ ਆਰਐਸਐਸ ਵਲੋਂ ਕਰਣ ਦੇ ਬਾਵਜੂਦ ਕਮੇਟੀ ਨੇ ਸਰਬਸੰਮਤੀ ਨਾਲ ਬਿਲ ਕੀਤਾ ਪ੍ਰਵਾਣ
- ਬਿਲ ਰਾਹੀਂ ਅਮਰੀਕਾ ਵਿੱਚ ਭਾਰਤੀ ਸਰਕਾਰ ਵਲੋਂ ਘੱਟ ਗਿਣਤੀ ਭਾਈਚਾਰਿਆਂ ਉਤੇ ਹੋ ਰਹੇ ਦਮਨ ਨੂੰ ਰੋਕਣ ਲਈ ਨਵੇਂ ਕਾਨੂੰਨੀ ਕਦਮ ਚੁੱਕੇ ਜਾ ਸਕਣਗੇ

ਆਵਾਜ਼ਿ ਕੌਮ AWAZE QAUM International Newspaper & WEB TV

ਵਿਰਾਸਤ ਨੂੰ ਸੰਭਾਲਣ 'ਚ ਬਠਿੰਡਾ ਵਾਸੀਆਂ ਦਾ ਕੋਈ ਮੁਕਾਬਲਾ ਨਹੀਂ- ਕੁਲਤਾਰ ਸਿੰਘ ਸੰਧਵਾਂ

# ਲਾਇਬ੍ਰੇਰੀ 'ਚ ਸਮਾਨ ਖਰੀਦਣ ਲਈ 3 ਲੱਖ ਰੁਪਏ ਦਾ ਐਲਾਨ





**ਬਠਿੰਡਾ, 2 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਅਸੀਂ ਬਹੁਤ ਅਮੀਰ ਵਿਰਾਸਤ ਦੇ ਵਾਰਿਸ ਹਾਂ, ਉਸ ਵਿਰਾਸਤ ਨੂੰ ਸੰਭਾਲਣ 'ਚ ਬਠਿੰਡਾ ਵਾਲਿਆਂ ਦਾ ਕੋਈ ਮੁਕਾਬਲਾ ਨਹੀਂ ਕਰ ਸਕਦਾ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਸਪੀਕਰ ਪੰਜਾਬ ਵਿਧਾਨ ਸਭਾ ਸ. ਕੁਲਤਾਰ ਸਿੰਘ ਸੰਧਵਾਂ ਨੇ ਸਥਾਨਕ ਵਿਰਾਸਤੀ ਪਿੰਡ ਜੈਪਾਲਗੜ੍ਹ ਵਿਖੇ ਚਾਚੀ ਅਤਰੋ ਦੇ ਘਰ ਦਾ ਉਦਘਾਟਨ ਕਰਨ ਮੌਕੇ ਮੀਡੀਆ ਨਾਲ ਗੱਲਬਾਤ ਕਰਦਿਆਂ ਕੀਤਾ। ਇਸ ਮੌਕੇ ਸ. ਕੁਲਤਾਰ ਸਿੰਘ ਸੰਧਵਾਂ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਸਾਡੇ ਪੁਰਾਣੇ ਰਹਿਣ-ਸਹਿਣ, ਖਾਣ-ਪੀਣ ਦੇ ਢੰਗ ਕਰਕੇ ਅਸੀਂ ਪੂਰੀ ਦੁਨੀਆਂ ਵਿੱਚ ਜਾਣੇ ਜਾਂਦੇ ਹਾਂ। ਉਨ੍ਹਾਂ ਇਕ ਸਵਾਲ ਦੇ ਜਵਾਬ ਵਿੱਚ ਕਿਹਾ ਕਿ ਸਾਨੂੰ ਹਮੇਸ਼ਾ ਆਪਣੀਆਂ ਜੜ੍ਹਾਂ ਅਤੇ ਸੱਭਿਆਚਾਰ ਨਾਲ ਜੁੜ ਕੇ ਰਹਿਣਾ ਚਾਹੀਦਾ ਹੈ। ਇਸ ਮੌਕੇ ਉਨ੍ਹਾਂ ਮਾਲਵਾ ਹੈਰੀਟੇਜ ਫਾਊਂਡੇਸ਼ਨ ਨੂੰ ਵਧਾਈ ਦਿੱਤੀ ਅਤੇ ਨੌਜਵਾਨ ਪੀੜ੍ਹੀ ਨੂੰ ਪੁਰਾਣੇ ਸੱਭਿਆਚਾਰ ਅਤੇ ਪੁਰਾਣੀ ਵਿਰਾਸਤ ਨਾਲ ਜੋੜਨ ਲਈ ਉਨ੍ਹਾਂ ਵੱਲੋਂ ਕੀਤੇ ਜਾ ਰਹੇ ਇਸ ਕਾਰਜ ਦੀ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਮਾਲਵਾ ਹੈਰੀਟੇਜ ਫਾਊਂਡੇਸ਼ਨ ਦੇ ਨੁਮਾਇੰਦਿਆਂ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਸਦਕਾ ਹੀ ਸਾਡੀ ਆਉਣ ਵਾਲੀਆਂ ਪੀੜੀਆਂ ਨੂੰ ਸਾਡੇ ਅਮੀਰ ਵਿਰਸੇ ਅਤੇ ਅਮੀਰ ਵਿਰਾਸਤ ਦਾ ਗਿਆਨ ਹੋਵੇਗਾ। ਇਸ ਉਪਰੰਤ ਸਪੀਕਰ ਪੰਜਾਬ ਵਿਧਾਨ ਸਭਾ ਸ. ਸੰਧਵਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸੂਬੇ ਨੂੰ ਨਸ਼ਾ ਮੁਕਤ ਕਰਨ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਬਠਿੰਡਾ ਵਾਸੀਆਂ ਨੂੰ ਇਸ ਮੁਹਿੰਮ ਵਿੱਚ ਵੱਧ ਤੋਂ ਵੱਧ ਸਹਿਯੋਗ ਦੀ ਅਪੀਲ ਕਰਦਿਆਂ ਨਸ਼ਿਆਂ ਦੇ ਸੌਦਾਗਰਾਂ ਨੂੰ ਸਖਤ ਚੇਤਾਵਨੀ ਦਿੱਤੀ ਕਿ ਉਹ ਜਾਂ ਤਾਂ ਨਸ਼ਿਆਂ ਦਾ ਕਾਰੋਬਾਰ ਛੱਡ ਦੇਣ ਜਾਂ ਫਿਰ ਪੰਜਾਬ ਛੱਡ ਕੇ ਚਲੇ ਜਾਣ। ਇਸ ਤੋਂ ਪਹਿਲਾ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਮੈਡਮ ਪੂਨਮ ਸਿੰਘ, ਪੰਜਾਬ ਕ੍ਰਿਕਟ ਐਸੋਸ਼ੀਏਸ਼ਨ ਦੇ ਪ੍ਰਧਾਨ ਸ਼੍ਰੀ ਅਮਰਜੀਤ ਮਹਿਤਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ਼੍ਰੀ ਅੰਮ੍ਰਿਤਲਾਲ ਅਗਰਵਾਲ, ਪ੍ਰਧਾਨ ਸ. ਹਰਵਿੰਦਰ ਸਿੰਘ ਖਾਲਸਾ, ਪ੍ਰਧਾਨ ਸ਼੍ਰੀ ਗੁਰਅਵਤਾਰ ਸਿੰਘ ਗੋਗੀ ਅਤੇ ਕਨਵੀਨਰ ਸ਼੍ਰੀ ਰਾਮ ਪ੍ਰਕਾਸ਼ ਜਿੰਦਲ ਨੇ ਪੰਜਾਬ ਦੀ ਅਣਮੁੱਲੀ ਵਿਰਾਸਤ ਨੂੰ ਸੰਭਾਲਣ 'ਤੇ ਜ਼ੋਰ ਦਿੱਤਾ। ਇਸ ਮੌਕੇ ਸ. ਸੰਧਵਾਂ ਵਲੋਂ 18ਵੇ ਵਿਰਾਸਤੀ ਮੇਲੇ ਦੌਰਾਨ ਵਿਸ਼ੇਸ਼ ਭੂਮਿਕਾ ਨਿਭਾਉਣ ਵਾਲੇ ਜ਼ਿਲ੍ਹਾ ਪ੍ਰਸ਼ਾਨਿਕ ਅਧਿਕਾਰੀਆਂ, ਕਰਮਚਾਰੀਆਂ ਅਤੇ ਮਾਲਵਾ ਹੈਰੀਟੇਜ ਫਾਊਂਡੇਸ਼ਨ ਦੇ ਨੁਮਾਇੰਦਿਆਂ ਨੂੰ ਸਨਮਾਨਿਤ ਵੀ ਕੀਤਾ। ਇਸ ਮੌਕੇ ਉਨ੍ਹਾਂ ਵਿਰਾਸਤੀ ਪਿੰਡ 'ਚ ਬਣੀ ਲਾਇਬ੍ਰੇਰੀ 'ਚ ਸਮਾਨ ਖਰੀਦਣ ਲਈ 3 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਇਸ ਦੌਰਾਨ ਉਨ੍ਹਾਂ ਚਾਚੀ ਅਤਰੋ ਦੇ ਘਰ ਮੰਜੇ 'ਤੇ ਬੈਠ ਕੇ ਬਣੇ ਦੇਸੀ ਖਾਣੇ ਦਾ ਸਵਾਦ ਵੀ ਚਖਿਆ। ਇਸ ਮੌਕੇ ਪੰਜਾਬ ਖਾਦੀ ਤੇ ਵਿਲਜ ਇੰਡਸਟਰੀਜ਼ ਬੋਰਡ ਦੇ ਡਾਇਰੈਕਟਰ ਸ਼੍ਰੀ ਬੱਲੀ ਬਲਜੀਤ, ਚੇਅਰਮੈਨ ਮੇਲਾ ਕਮੇਟੀ ਸ੍ਰੀ ਚਮਕੌਰ ਮਾਨ, ਜਨਰਲ ਸੈਕਟਰੀ ਸੁਖਦੇਵ ਗਰੇਵਾਲ, ਵਾਇਸ ਪ੍ਰਧਾਨ ਬਲਦੇਵ ਸਿੰਘ ਚਾਹਲ, ਸ. ਭੋਲਾ ਸਿੰਘ ਮਲੂਕਾ, ਸ. ਇੰਦਰਜੀਤ ਸਿੰਘ, ਗੁਰਮੀਤ ਸਿੰਘ ਸਿੱਧੂ, ਡੀਸੀ ਸ਼ਰਮਾ, ਗੁਰਪ੍ਰੀਤ ਕੌਰ ਸਿੱਧੂ, ਸੁਰਿੰਦਰ ਕੌਰ, ਹਰਪਿੰਦਰ ਕੌਰ ਤੋਂ ਇਲਾਵਾ ਹੋਰ ਪ੍ਰਮੁੱਖ ਸ਼ਖਸ਼ੀਅਤਾਂ ਆਦਿ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

## ਰਿਜਰਵੇਸ਼ਨ ਚੋਰ ਫੜੋ ਮੋਰਚਾ ਮੋਹਾਲੀ ਦੀ ਟੀਮ ਵੱਲੋਂ ਡਾਇਰੈਕਟਰ ਪੰਜਾਬ ਸਕੂਲ ਐਜੂਕੇਸ਼ਨ (ਸੈਕੰਡਰੀ) ਅਤੇ ਡਾਇਰੈਕਟਰ ਪੰਜਾਬ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਨੂੰ ਦਿੱਤਾ ਮੰਗ ਪੱਤਰ



ਧੂਰੀ ( ਰਣਜੀਤ ਸਿੰਘ ਪੇਧਨੀ ) ਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਧੂਰੀ ਅਤੇ ਉਹਨਾਂ ਦੀ ਟੀਮ ,ਹੋਰ ਜਥੇਬੰਦੀਆਂ ਅਤੇ ਰਿਜਰਵੇਸ਼ਨ ਚੋਰ ਫੜੋ ਮੋਰਚਾ ਮੋਹਾਲੀ ਦੀ ਟੀਮ ਡਾਇਰੈਕਟਰ ਪੰਜਾਬ ਸਕੂਲ ਐਜੂਕੇਸ਼ਨ (ਸੈਕੰਡਰੀ) ਅਤੇ ਡਾਇਰੈਕਟਰ ਪੰਜਾਬ ਸਕੂਲ ਐਜੂਕੇਸ਼ਨ (ਐਲੀਮੈਂਟਰੀ) ਨੂੰ ਮੰਗ ਪੱਤਰ ਦੇਣ ਲਈ ਪਹੁੰਚੇ। ਮੁੱਖ ਅਫਸਰਾਂ ਦੀ ਮੌਜੂਦਗੀ ਨਾ ਹੋਣ ਕਾਰਨ ਉਹਨਾਂ ਦੇ ਜੂਨੀਅਰ ਅਫਸਰਾਂ ਨੂੰ ਮੰਗ ਪੱਤਰ ਦੇਣੇ ਪਏ। ਇਹ ਮੰਗ ਪੱਤਰਾਂ ਦਾ ਮੁੱਖ ਵਿਸ਼ਾ ਇਹ ਹੈ ਕਿ ਪੰਜਾਬ ਅੰਦਰ ਮਾਨਯੋਗ ਪੰਜਾਬ ਅਤੇ ਹਰਿਆਣਾ ਹਾਈਕੋਰਟ ਦੇ 19 ਫਰਵਰੀ 2025 ਦੇ ਆਦੇਸ਼ ਤੋਂ ਬਾਅਦ ਜੋ ਪੰਜਾਬ ਸਰਕਾਰ ਨੇ ਪ੍ਰਾਈਵੇਟ ਸਕੂਲਾਂ ਵਿੱਚ ਸਿੱਖਿਆ ਦਾ ਅਧਿਕਾਰ ਕਾਨੂੰਨ 2009 ਦੇ ਮੁਤਾਬਿਕ ਪ੍ਰਾਈਵੇਟਸਕੂਲਾਂ ਵਿੱਚ 25% ਗਰੀਬ ਬੱਚਿਆਂ ਨੂੰ ਮੁਫਤ ਵਿਦਿਆ ਹਾਸਿਲ ਕਰਨ ਦੇ ਵਿਦਿਅਕ ਸੈਸ਼ਨ 2025 -26 ਤੋਂ ਤੁਰੰਤ ਲਾਗੂ ਕਰਨ ਦੇ ਹੁਕਮ ਦਿੱਤੇ ਹਨ। ਪਰ ਸਕੂਲਾਂ ਦੇ ਮੁਖੀ ਬੱਚਿਆਂ ਨੂੰ ਦਾਖਲਾ ਕਰਨ ਲਈ ਟਾਲਮਟੋਲ ਕਰ ਰਹੇ ਹਨ ਅਤੇ ਉਹਨਾਂ ਦੇ ਮਾਤਾ ਪਿਤਾ ਨੂੰ ਗੁਮਰਾਹ ਕਰ ਰਹੇ ਹਨ। ਕਈ ਸਕੂਲਾਂ ਦੇ ਮੁਖੀ ਮਾਤਾ ਪਿਤਾ ਨੂੰ ਕਹਿੰਦੇ ਹਨ ਕਿ ਤੁਸੀਂ ਜ਼ਿਲ੍ਹਾ ਸਿੱਖਿਆ ਅਫ਼ਸਰ ਦੇ ਦਸਤਖਤ ਕਰਵਾ ਕੇ ਲਿਆਓ ਅਤੇ ਕਈਆਂ ਨੂੰ ਕਹਿੰਦੇ ਹਨ ਅਸੀਂ ਤਾਂ ਪਹਿਲਾਂ ਹੀ ਬੱਚੇ ਭਰਤੀ ਕਰ ਚੁੱਕੇ ਹਾਂ ਸਾਡੇ ਕੋਲ ਕੋਈ ਜਗ੍ਹਾ ਖਾਲੀ ਨਹੀਂ ਹੈ। ਅਸੀਂ ਪੰਜਾਬ ਸਰਕਾਰ ਨੂੰ ਮੰਗ ਪੱਤਰ ਵਿੱਚ ਬੇਨਤੀ ਕੀਤੀ ਹੈ ਕਿ ਉਹ ਜ਼ਿਲ੍ਹਾ ਸਿੱਖਿਆ ਅਫਸਰ ਦੇ ਅਧੀਨ ਜ਼ਿਲ੍ਹਾ ਪੱਧਰੀ ਕਮੇਟੀਆਂ ਅਤੇ ਬਲਾਕ ਪੱਧਰੀ ਕਮੇਟੀਆਂ ਬਣਾਵੇ, ਜੋ ਹਰ ਰੋਜ਼ ਸਕੂਲਾਂ ਦੀ ਇਸ ਐਕਟ ਦੇ ਅਧੀਨ ਹੋਏ ਬੱਚਿਆਂ ਦੇ ਦਾਖਲੇ ਦੀ ਰਿਪੋਰਟ ਲੈਣ ਤਾਂ ਕਿ ਅਕਾਦਮਿਕ ਸੈਸ਼ਨ 2025-26 ਤੱਕ ਇਸ ਐਕਟ ਦੇ ਅਧੀਨ 25% ਬੱਚੇ ਪੂਰੇ ਦਾਖਲ ਹੋ ਸਕਣ। ਅਸੀਂ ਪੰਜਾਬ ਸਰਕਾਰ ਨੂੰ ਅਪੀਲ ਕਰਦੇ ਹਾਂ ਜਿਹੜਾ ਵੀ ਸਕੂਲ ਪੰਜਾਬ ਸਰਕਾਰ ਦੇ ਹੁਕਮਾਂ ਦੀ ਉਲੰਘਣਾ ਕਰੇਗਾ ਉਸ ਦੀ ਮਾਨਤਾ ਰੱਦ ਕੀਤੀ ਜਾਵੇ। ਇਸ ਮੌਕੇ ਲੈਫਟੀਨੈਂਟ ਦਰਸ਼ਨ ਸਿੰਘ ਧੂਰੀ, ਬਲਵਿੰਦਰ ਸਿੰਘ ਕੁੰਬੜਾ, ਪ੍ਰਿੰਸੀਪਲ ਸਰਬਜੀਤ ਸਿੰਘ ਮੋਹਾਲੀ, ਸੋਨੂੰ ਭੂੰਬਕ ਫਤਿਹਗੜ੍ਹ ਸਾਹਿਬ, ਲਖਵੀਰ ਸਿੰਘ (ਬੋਬੀ) ਮੋਹਾਲੀ, ਦੀਦਾਰ ਸਿੰਘ ਮੋਹਾਲੀ, ਅਮਨਦੀਪ ਸਿੰਘ ਫਤਿਹਗੜ੍ਹ ਸਾਹਿਬ, ਜਗਤਾਰ ਸਿੰਘ ਗੁਡਾਣਾ, ਗੁਰਜੰਟ ਸਿੰਘ ਸਰਪੰਚ ਗਡਾਣਾ, ਜਗਦੀਸ਼ ਸਿੰਘ, ਗੁਰਸੇਵਕ ਸਿੰਘ, ਜਸਕਰਨ ਸਿੰਘ, ਸਤਪਾਲ ਸਿੰਘ ਅਤੇ ਹੋਰ ਮੈਂਬਰ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

## ਸਨਬੀਮ ਕੌਨਵੈਂਟ ਸਕੂਲ ਹਠੂਰ ਵਿੱਚ ਨਵੇਂ ਵਿੱਦਿਅਕ ਸੈਸ਼ਨ ਦੀ ਹੋਈ ਸ਼ੁਰੂਆਤ

### ਕਿਤਾਬਾਂ, ਵਰਦੀਆਂ, ਬਿਲਡਿੰਗ ਫੰਡ ਦੇ ਨਾਮ ਤੇ ਕਿਸੇ ਵੀ ਤਰੀਕੇ ਦੀ ਲੁੱਟ ਨਹੀਂ ਕੀਤੀ ਜਾਂਦੀ-ਪ੍ਰਿੰਸੀਪਲ ਮਨਮੋਹਨਜੀਤ ਕੌਰ



**ਜਗਰਾਉਂ -(ਵਰਿਆਮ ਹਠੂਰ)**-ਸੰਤ ਰਣਧੀਰ ਸਿੰਘ ਐਜੂਕੇਸ਼ਨਲ ਸੋਸਾਇਟੀ ਹਠੂਰ ਵੱਲੋਂ ਚਲਾਏ ਜਾ ਰਹੇ ਸਨਬੀਮ ਕੌਨਵੈਂਟ ਸਕੂਲ ਹਠੂਰ ਵਿੱਚ ਨਵੇਂ ਵਿੱਦਿਅਕ ਸੈਸ਼ਨ 2025-26 ਦੀ ਸ਼ੁਰੂਆਤ ਹੋਈ, ਵਾਹਿਗੁਰੂ ਜੀ ਦਾ ਓਟ ਆਸਰਾ ਲੈਂਦੇ ਹੋਏ ਸਕੂਲ ਦੇ ਸਮੂਹ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੇ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਅਤੇ ਭੋਗ ਪਾਏ, ਉਪਰੰਤ ਭੁਜੀਆ- ਬਦਾਣਾ ਦਾ ਪ੍ਰਸ਼ਾਦ ਵੀ ਵਰਤਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਸ੍ਰੀਮਤੀ ਮਨਮੋਹਨਜੀਤ ਕੌਰ ਨੇ ਗੱਲਬਾਤ ਦੌਰਾਨ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਵਿਭਾਗ ਦੀਆਂ ਹਦਾਇਤਾਂ ਦੇ ਅਨੁਸਾਰ ਨਵੇਂ ਵਿੱਦਿਅਕ ਸੈਸ਼ਨ 2025-26 ਦੀ ਸ਼ੁਰੂਆਤ ਕੀਤੀ ਗਈ ਹੈ। ਜਿਸ ਕਰਕੇ ਵਾਹਿਗੁਰੂ ਜੀ ਦਾ ਓਟ ਆਸਰਾ ਲੈਂਦੇ ਹੋਏ ਅੱਜ ਦਾ ਧਾਰਮਿਕ ਸਮਾਗਮ ਕਰਵਾਇਆ ਗਿਆ। ਜਿਸ ਵਿੱਚ ਪਿਛਲੇ ਸਾਲ ਦੇ ਦੌਰਾਨ ਵਿਦਿਆਰਥੀਆਂ ਦੇ ਆਏ ਚੰਗੇ ਨਤੀਜਿਆਂ ਲਈ ਵਾਹਿਗੁਰੂ ਜੀ ਦਾ ਸ਼ੁਕਰਾਨਾ ਕੀਤਾ ਗਿਆ ਅਤੇ ਨਵੇਂ ਵਿੱਦਿਅਕ ਸਾਲ ਲਈ ਅਰਦਾਸ ਵੀ ਕੀਤੀ ਗਈ ਕਿ ਸਮੂਹ ਸਕੂਲ ਸਟਾਫ਼ ਨੂੰ ਇਮਾਨਦਾਰੀ ਨਾਲ ਮਿਹਨਤ ਕਰਨ ਦਾ ਬਲ - ਉੱਦਮ ਬਖਸ਼ਣ ਤਾਂ ਜੋ ਵਿਦਿਆਰਥੀ ਪਿਛਲੇ ਸਾਲ ਦੀ ਤਰ੍ਹਾਂ ਨਤੀਜਿਆਂ ਵਿੱਚੋਂ ਚੰਗੇ ਅੰਕ ਲੈ ਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੋਸ਼ਨ ਕਰਨ। ਨਾਲ ਹੀ ਇਹ ਵੀ ਦੱਸਿਆ ਗਿਆ ਕਿ ਨਵੇਂ ਵਿੱਦਿਅਕ ਸੈਸ਼ਨ ਲਈ ਦਾਖਲੇ ਵੀ ਸ਼ੁਰੂ ਹਨ ਜਿਸ ਦੌਰਾਨ ਮਾਪੇ ਆਪਣੇ ਬੱਚਿਆਂ ਨੂੰ ਨਰਸਰੀ ਜਮਾਤ ਤੋਂ ਲੈ ਕੇ ਅੱਠਵੀਂ ਜਮਾਤ ਤੱਕ ਸਕੂਲ ਵਿੱਚ ਦਾਖ਼ਲ ਕਰਵਾ ਸਕਦੇ ਹਨ ਕਿਉਂਕਿ ਸਨਬੀਮ ਕੌਨਵੈਂਟ ਸਕੂਲ ਵਿੱਚ ਬਹੁਤ ਹੀ ਘੱਟ ਫੀਸਾਂ ਤੇ ਵਿਦਿਆਰਥੀਆਂ ਨੂੰ ਵਧੀਆ ਸਿੱਖਿਆ ਪ੍ਰਦਾਨ ਕੀਤੀ ਜਾਂਦੀ ਹੈ। ਸਕੂਲ ਵਿੱਚ ਸਰਕਾਰ ਦੀਆਂ ਹਦਾਇਤਾਂ ਦੇ ਅਨੁਸਾਰ ਫ਼ੀਸਾਂ ਲਈਆਂ ਜਾਂਦੀਆਂ ਹਨ। ਕਿਤਾਬਾਂ, ਵਰਦੀਆਂ, ਬਿਲਡਿੰਗ ਫੰਡ ਆਦਿ ਦੇ ਨਾਮ ਤੇ ਕਿਸੇ ਵੀ ਤਰ੍ਹਾਂ ਦੀ ਲੁੱਟ ਨਹੀਂ ਕੀਤੀ ਜਾਂਦੀ। ਪ੍ਰਿੰਸੀਪਲ ਮਨਮੋਹਨਜੀਤ ਕੌਰ ਨੇ ਮਾਪਿਆਂ ਨੂੰ ਅਪੀਲ ਵੀ ਕੀਤੀ ਹੈ ਕਿ ਆਪਣੇ ਬੱਚਿਆਂ ਨੂੰ ਸਨਬੀਮ ਕੌਨਵੈਂਟ ਸਕੂਲ ਵਿੱਚ ਦਾਖਲ ਕਰਵਾਓ ਅਤੇ ਫੀਸਾਂ ਦੇ ਵਾਧੂ ਬੋਝ ਤੋਂ ਬਚੋ। ਇਸ ਸਮੇਂ ਵਾਈਸ ਪ੍ਰਿੰਸੀਪਲ ਪਰਮਿੰਦਰ ਕੌਰ, ਮੈਡਮ ਗਗਨਜੀਤ ਕੌਰ, ਮੈਡਮ ਗੁਰਮੀਤ ਕੌਰ, ਮੈਡਮ ਗਗਨਦੀਪ ਕੌਰ, ਮੈਡਮ ਮਨਦੀਪ ਕੌਰ, ਮੈਡਮ ਮਨਜੋਤ ਕੌਰ, ਮੈਡਮ ਕਮਲਜੀਤ ਕੌਰ, ਮੈਡਮ ਨਵਜੋਤ ਕੌਰ ਆਦਿ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਨਸ਼ੇ ਵੇਚਣ ਵਾਲਿਆਂ ਦੀ

# ਨੱਪੀ ਸੰਘੀ ਸਰਕਾਰ ਦਾ ਸ਼ਲਾਘਾਯੋਗ ਕਾਰਜ : ਏਕ ਨੂਰ ਖਾਲਸਾ ਫੌਜ

**ਫ਼ਿਰੋਜ਼ਪੁਰ, 2 ਅਪ੍ਰੈਲ (ਮਨੋਹਰ ਲਾਲ)** :— ਜਿਹੜਾ ਅਫਗਸਤਾਨ, ਅਮਰੀਕਾ ਵਰਗੇ ਦੇਸ਼ਾਂ ਤੋਂ ਜਿਤਿਆ ਨਹੀਂ ਗਿਆ ਨੂੰ ਇਕ ਛੋਟੇ ਜਿਹੇ ਸੂਬੇ ਦੇ ਲੋਕਾਂ ਨੇ ਅਫਗਾਨੀਆਂ ਦੀ ਸੰਘੀ ਨੱਪ ਦਿੱਤੀ, ਪਰ ਅਫਸੋਸ ਗੰਦੀ ਸਿਆਸਤ ਨੇ ਨੌਜਵਾਨਾਂ ਨੂੰ ਨਸ਼ੇ ਦੀ ਦਲਦਲ ਵਿਚ ਧਸ ਦਿੱਤਾ। ਗੱਲ ਕਰਨ ਲੱਗੇ ਹਾਂ ਜੀ ਪੰਜਾਬ ਦੀ ਜਿਥੋਂ ਦੇ ਸਿੱਖ ਨੌਜਵਾਨਾਂ ਨੇ ਅਫਗਾਨੀਆਂ ਦੀ ਸੰਘੀ ਮਰੋੜ ਦਿੱਤੀ ਸੀ, ਪਰ ਆਵਦੀ ਕੁਰਸੀ ਸਲਾਮਤ ਅਤੇ ਕੇਂਦਰ ਦੀ ਸਰਕਾਰ ਨੂੰ ਖੁਸ਼ ਕਰਨ ਲਈ ਉਹ ਹਰੇਕ ਕੰਮ ਕੀਤਾ ਜੋ ਨਹੀਂ ਕਰਨਾ ਸੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਭਾਈ ਲਖਬੀਰ ਸਿੰਘ ਨੰਬਰਦਾਰ ਪ੍ਰਧਾਨ ਏਕ ਨੂਰ ਖਾਲਸਾ ਫੌਜ਼ ਨੇ ਸਾਂਝੇ ਕਰਦਿਆਂ ਕਿਹਾ ਕਿ ਨਸ਼ੇ ਦੇ ਸਮਗਲਰਾਂ ਨੇ ਉਪਰ ਤੱਕ ਹਿੱਸਾ ਦੇ ਕੇ ਆਵਦੀ ਕਰੋੜਾਂ ਰੁਪਏ ਦੀ ਪ੍ਰੋਪਰਟੀ ਬਣਾਈ ਤੇ ਹਜ਼ਾਰਾਂ ਨੌਜਵਾਨ ਇਸ ਚਿੱਟੇ ਨਸ਼ੇ ਦੀ ਭੇਟ ਚੜਦਿਆਂ ਘਰਾਂ ਦੇ ਘਰ ਸੁੰਨੇ ਕਰ ਗਏ। ਉਨ੍ਹਾਂ ਕਿਹਾ ਕਿ ਆਪਣੇ ਆਪ ਨੂੰ ਪੰਥਕ ਕਹਾਉਣ ਵਾਲਿਆਂ ਨੇ ਪੰਥ ਦੇ ਨਾਮ ਤੇ ਸਭ ਤੋਂ ਵੱਧ ਨੁਕਸਾਨ ਸਿੱਖ ਕੌਮ ਦਾ ਕੀਤਾ, ਬੜੇ ਲੰਮੇ ਸਮੇਂ ਬਾਅਦ ਪੰਜਾਬ ਨੂੰ ਇਕ ਆਮ ਘਰਾਂ ਦੇ ਨੌਜਵਾਨਾਂ ਦੀ ਸਰਕਾਰ ਮਿਲੀ, ਜਿਸ ਨੇ ਖੇਤਾਂ ਵਾਲੀ ਬਿਜਲੀ ਦਿਨ ਦੇ ਸਮੇਂ ਦਿੱਤੀ, 10—10 ਘੰਟੇ ਤੇ ਘਰਾਂ ਦੀ ਬਿਜਲੀ ਦੇ ਬਿੱਲ ਛੇ ਸੋ ਯੂਨਿਟ ਤੱਕ ਫਰੀ ਕੀਤੇ ਅਤੇ ਨਹਿਰਾਂ ਦਾ ਪਾਣੀ ਹਰ ਖੇਤ ਤੱਕ ਪੁੱਜਦਾ ਕੀਤਾ ਅਤੇ ਹੁਣ ਉਹ ਕੰਮ ਸ਼ੁਰੂ ਕੀਤਾ ਜੋ ਸਰਕਾਰਾਂ ਵੋਟਾਂ ਖਾਤਰ ਅਤੇ ਪੈਸਿਆਂ ਖਾਤਰ ਕਰਨ ਤੋਂ ਡਰਦੀਆਂ ਹਨ। ਅੱਗੇ ਗੱਲ ਕਰਦਿਆਂ ਭਾਈ ਰਣਧੀਰ ਸਿੰਘ ਮੀਤ ਪ੍ਰਧਾਨ ਤੇ ਨਿਰਮਲ ਸਿੰਘ ਗੱਟਾ ਬਾਦਸ਼ਾਹ ਸਰਕਲ ਪ੍ਰਧਾਨ ਮਖੂ ਨੇ ਕਿਹਾ ਕਿ ਚਿੱਟਾ ਵੇਚ—ਵੇਚ ਕੇ ਖੜ੍ਹੇ ਕੀਤੇ ਮਹਿਲਾਂ ਨੂੰ ਸ: ਭਗਵੰਤ ਸਿੰਘ ਮਾਨ ਨੇ ਮਿੱਟੀ ਵਿਚ ਮਿਲਾਉਣਾ ਸ਼ੁਰੂ ਕੀਤਾ ਹੈ ਤਾਂ ਉਨ੍ਹਾਂ ਲੋਕਾਂ ਦੇ ਕਾਲਜੇ ਠੰਡ ਪਈ, ਜਿਨ੍ਹਾਂ ਦੇ ਪੁੱਤ ਚਿੱਟੇ ਨਾਲ ਰੱਬ ਨੂੰ ਪਿਆਰੇ ਹੋ ਗਏ ਸਨ। ਉਨ੍ਹਾਂ ਕਿਹਾ ਕਿ ਸਰਕਾਰ ਦੇ ਇਸ ਕਾਰਜ ਦੀ ਸ਼ਲਾਘਾ ਕਰਨੀ ਬਣਦੀ ਹੈ ਅਤੇ ਕਈ ਲੋਕਾਂ ਦਾ ਕਹਿਣਾ ਹੈ ਕਿ ਵੱਡੇ ਮਗਰਮੱਛਾਂ ਨੂੰ ਵੀ ਹੱਥ ਪੈਣਾ ਚਾਹੀਦਾ ਹੈ, ਜਿਨ੍ਹਾਂ ਨੇ ਆਵਦੇ ਕਰਿੰਦਿਆਂ ਰਾਹੀਂ ਨਸ਼ੇ ਦੇ ਕਾਰੋਬਾਰ ਤੋਂ ਕਰੋੜਾਂ ਨਹੀਂ ਅਰਬਾਂ ਰੁਪਏ ਦੀ ਜਾਇਦਾਦ ਬਣਾਈ ਹੈ। ਸ੍ਰੀ ਅਵਤਾਰ ਸਿੰਘ ਸਰਕਲ ਕੁਲਗੜ੍ਹੀ, ਸੁਖਵਿੰਦਰ ਸਿੰਘ ਲੋਹਗੜ੍ਹ, ਬਲਜਿੰਦਰ ਸਿੰਘ ਜਨਰਲ ਸਕੱਤਰ, ਗੁਰਦੇਵ ਸਿੰਘ ਮੀਤ ਪ੍ਰਧਾਨ, ਗੁਰਚਰਨ ਸਿੰਘ ਗੱਟੀ ਸਰਕਲ ਜਲਾਲਾਬਾਦ, ਜਥੇਦਾਰ ਹਿੰਮਤ ਸਿੰਘ ਖਾਲਸਾ, ਸਵਰਨ ਸਿੰਘ ਸ਼ਹਿਰੀ ਪ੍ਰਧਾਨ, ਦਰਸ਼ਨ ਸਿੰਘ ਲੋਹਕੇ ਸਰਕਲ ਜ਼ੀਰਾ, ਭਾਈ ਲਾਲ ਸਿੰਘ ਸਰਕਲ ਮਮਦੋਟ, ਪ੍ਰੀਤਮ ਸਿੰਘ ਸਰਕਲ ਘੱਲ ਖੁਰਦ, ਸੁਖਮੰਦਰ ਸਿੰਘ ਸਰਕਲ ਮੁੱਦਕੀ, ਚਮਕੌਰ ਸਿੰਘ ਸਰਕਲ ਤਲਵੰਡੀ ਭਾਈ, ਜਗਜੀਤ ਸਿੰਘ ਮੱਲਾਂਵਾਲਾ ਆਦਿ ਹਾਜ਼ਰ ਸਨ।



### ਨਸ਼ੇ ਦੇ ਖਾਤਮੇ ਲਈ ਸਰਬੱਤ ਦਾ ਭਲਾ ਵੈਲਫੇਅਰ ਸੁਸਾਇਟੀ

# ਸਰਕਾਰ ਦਾ ਸਹਿਯੋਗ ਕਰਨ ਲਈ ਤਿਆਰ : ਜਰਨੈਲ ਸਿੰਘ ਗਾਬੜੀਆ



**ਫ਼ਿਰੋਜ਼ਪੁਰ, 2 ਅਪ੍ਰੈਲ (ਮਨੋਹਰ ਲਾਲ)** :— ਆਪਣੀ ਵੱਖਰੀ ਪਹਿਚਾਨ ਬਣਾ ਚੁੱਕੀ ਸਰਬੱਤ ਦਾ ਭਲਾ ਵੈਲਫੇਅਰ ਸੋਸਾਇਟੀ ਦੀ ਮੀਟਿੰਗ ਹੋਈ, ਜਿਸ ਵਿੱਚ ਨੌਜਵਾਨਾਂ ਵਿੱਚ ਨਸ਼ੇ ਦੇ ਵਧ ਰਹੇ ਰੁਝਾਨਾਂ ਬਾਰੇ ਚਰਚਾ ਕੀਤੀ ਗਈ। ਸੋਸਾਇਟੀ ਪ੍ਰਧਾਨ ਜਰਨੈਲ ਸਿੰਘ ਗਾਬੜੀਆ ਅਤੇ ਜਰਨਲ ਸਕੱਤਰ ਸਵਰਨ ਸਿੰਘ ਐਸ.ਜੀ.ਪੀ.ਸੀ ਨੇ ਬੋਲਦੇ ਹੋਏ ਕਿਹਾ ਕਿ ਅੱਜ ਨਸ਼ੇ ਦੇ ਕਾਰਨ ਹਰ ਰੋਜ਼ ਅਖਬਾਰ ਟੀ.ਵੀ ਚੈਨਲ ਤੇ ਵੇਖਣ ਨੂੰ ਮਿਲਦਾ ਹੈ ਕਿ ਕਿਸ ਤਰ੍ਹਾਂ ਨੌਜਵਾਨ ਨਸ਼ਿਆਂ ਦੇ ਦਲ ਦਲ ਵਿੱਚ ਧਸਦੇ ਜਾ ਰਹੇ ਹਨ ਤੇ ਆਪਣੀਆਂ ਕੀਮਤੀ ਜਾਨਾਂ ਗਵਾ ਰਹੇ ਹਨ। ਉਨ੍ਹਾਂ ਕਿਹਾ ਕਿ ਬੇਸ਼ਕ ਸਰਕਾਰ ਨਸ਼ੇ ਵਿਰੁੱਧ ਬਹੁਤ ਸਖਤ ਕਾਰਵਾਈ ਕਰ ਰਹੀ ਹੈ ਪਰ ਫਿਰ ਵੀ ਨਸ਼ੇ ਦੇ ਕਾਰੋਬਾਰੀਆਂ ਦੇ ਹੌਸਲੇ ਪਤਾ ਨਹੀਂ ਕਿਉਂ ਬੁਲੰਦ ਹਨ। ਸੋਸਾਇਟੀ ਆਗੂਆਂ ਨੇ ਸਰਕਾਰ ਨੂੰ ਜੋਰਦਾਰ ਅਪੀਲ ਕੀਤੀ ਕਿ ਇਨ੍ਹਾਂ ਨਸ਼ੇ ਦੇ ਸੌਦਾਗਰਾਂ ਨੂੰ ਨੱਥ ਪਾਈ ਜਾਵੇ ਤਾਂ ਕਿ ਦੇਸ਼ ਦੀ ਨੌਜਵਾਨ ਪੀੜੀ ਨੂੰ ਬਚਾਇਆ ਜਾ ਸਕੇ। ਆਗੂਆਂ ਨੇ ਕਿਹਾ ਕਿ ਅਸੀਂ ਦੀਵਾਰਾਂ ਤੇ ਆਮ ਹੀ ਲਿਖਿਆ ਪੜਦੇ ਹਾਂ ਕਿ ਪਾਪਾ ਜੀ ਨਾ ਪੀਓ ਸ਼ਰਾਬ ਮੈਨੂੰ ਲੈ ਦਿਓ ਇੱਕ ਕਿਤਾਬ ਪਰ ਹੋ ਕੀ ਰਿਹਾ ਹੈ ਮਾਰਚ ਮਹੀਨੇ ਦੇ ਅਖੀਰਲੇ ਦਿਨਾਂ ਵਿੱਚ ਸ਼ਰਾਬ ਦੇ ਠੇਕੇ ਟੁੱਟ ਜਾਂਦੇ ਹਨ ਅਤੇ ਸ਼ਰਾਬ ਕਾਫੀ ਸਸਤੀ ਹੋ ਜਾਂਦੀ ਹੈ ਅਤੇ ਅਤੇ ਸ਼ਰਾਬ ਦੇ ਠੇਕਿਆਂ ਦੇ ਬਾਹਰ ਲੰਬੀਆਂ ਲਾਈਨਾਂ ਲੱਗ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਇਨਾਂ ਦਿਨਾਂ ਵਿੱਚ ਬੱਚਿਆਂ ਦੇ ਸਕੂਲਾਂ ਵਿੱਚ ਨਵੀਆਂ ਐਡਮਿਸ਼ਨਾਂ ਸ਼ੁਰੂ ਹੋ ਜਾਂਦੀਆਂ ਹਨ ਅਤੇ ਬੱਚਿਆਂ ਦੀਆਂ ਕਿਤਾਬਾਂ ਤੋਂ ਲੈ ਕੇ ਐਡਮਿਸ਼ਨਾਂ ਤੱਕ ਮਾਪਿਆਂ ਨੂੰ ਮਹਿੰਗਾਈ ਦਾ ਕਾਫੀ ਸਾਹਮਣਾ ਕਰਨਾ ਪੈਂਦਾ ਹੈ ਸਰਕਾਰ ਨੂੰ ਇਸ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ ਅਤੇ ਜੋ ਸਕੂਲ ਆਪਣੀ ਮਨ ਮਰਜੀਆਂ ਤੇ ਬੱਚਿਆਂ ਦੇ ਮਾਪਿਆਂ ਨਾਲ ਅੰਨੀ ਲੁੱਟ ਮਚਾਉਂਦੇ ਹਨ ਉਸ ਤੇ ਰੋਕ ਲੱਗ ਸਕੇ। ਆਗੂਆਂ ਨੇ ਕਿਹਾ ਕਿ ਸਰਕਾਰ ਨੂੰ ਇਕ ਪਲਾਨ ਸ਼ੁਰੂ ਕਰਨਾ ਚਾਹੀਦਾ ਹੈ ਕਿ ਜੋ ਨੌਜਵਾਨ ਨਸ਼ੇ ਦਾ ਤਿਆਗ ਕਰੇ ਸਰਕਾਰ ਉਸ ਲਈ ਰੋਜ਼ਗਾਰ ਦਾ ਪ੍ਰਬੰਧ ਕਰੇ ਕਿਉਂਕਿ ਰੋਜ਼ਗਾਰ ਨਾ ਹੋਣ ਕਾਰਨ ਨੌਜਵਾਨ ਵਿਹਲੇ ਰਹਿੰਦੇ ਹਨ ਅਤੇ ਗਲਤ ਸੰਗਤ ਦਾ ਸ਼ਿਕਾਰ ਹੋ ਜਾਂਦੇ ਹਨ ਅਤੇ ਨਸ਼ਿਆਂ ਦੀ ਪੂਰਤੀ ਲਈ ਕਈ ਤਰ੍ਹਾਂ ਦੇ ਗਲਤ ਕੰਮ ਕਰਨ ਲੱਗ ਜਾਂਦੇ ਹਨ। ਅਖੀਰ ਵਿੱਚ ਸੁਸਾਇਟੀ ਆਗੂਆਂ ਨੇ ਕਿਹਾ ਕਿ ਸਾਡੀ ਸੋਸਾਇਟੀ ਸ਼ਹਿਰ ਦੇ ਹਰ ਮੁਹੱਲੇ ਹਰ ਪਿੰਡ ਵਿੱਚ ਪ੍ਰਸ਼ਾਸ਼ਨ ਦੀ ਮੱਦਦ ਨਾਲ ਨਸ਼ਾ ਛੁਡਾਊ ਸੈਮੀਨਾਰ ਲਗਾਏਗੀ ਅਤੇ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਚਾਨਣਾ ਪਾਇਆ ਜਾਵੇਗਾ। ਇਸ ਮੌਕੇ ਮੀਤ ਪ੍ਰਧਾਨ ਕੁਲਦੀਪ ਸਿੰਘ ਲੋਕੋ ਸਲਾਹਕਾਰ ਗੁਰਮੇਲ ਸਿੰਘ ਭੇਡੀਆਂ ਸੀਨੀਅਰ ਮੀਤ ਪ੍ਰਧਾਨ ਅਮਰ ਸਿੰਘ ਗਾਬੜੀਆ ਹਰਜਿੰਦਰ ਸਿੰਘ ਬੱਗਾ, ਸਤਨਾਮ ਸਿੰਘ ਹਰਿਆਣ, ਮਨਜੀਤ ਸਿੰਘ ਲੋਕੋ, ਰਾਜਵੀਰ ਸਿੰਘ, ਡਾਕਟਰ ਗੁਰਪ੍ਰੀਤ ਸਿੰਘ, ਪ੍ਰਿੰਸ, ਬਿੱਟੂ ਸਿੰਘ, ਬਲਕਾਰ ਸਿੰਘ ਆਦਿ ਮੈਂਬਰ ਹਾਜ਼ਰ ਸਨ।

# ਗੱਤਕਾ ਕੱਪ ਨੂੰ ਸਫਲਤਾਪੂਰਵਕ ਸਿਰੇ ਚੜਾਉਣ ਲਈ ਸਮੂਹ ਸੰਗਤਾਂ ਦਾ ਧੰਨਵਾਦ - ਖਾਲਸਾ/ਸਮਾਜ ਸੇਵੀ/ਸਰਪੰਚ





ਜਗਰਾਉਂ -(ਵਰਿਆਮ ਹਠੂਰ) ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈ ਕੇ ਨੌਜਵਾਨਾਂ ਨੂੰ ਨਸ਼ਿਆਂ ਅਤੇ ਪਤਿਤਪੁਣੇ ਤੋਂ ਮੁੜ ਗੁਰਸਿੱਖੀ ਨਾਲ ਜੋੜਨ ਲਈ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਵੱਲੋਂ ਸਮੂਹ ਗ੍ਰਾਮ ਪੰਚਾਇਤ, ਨਗਰ ਨਿਵਾਸੀਆਂ, ਕੈਲੇਫੋਰਨੀਆਂ ਗੱਤਕਾ ਦਲ ਯੂ ਐੱਸ ਏ ਸਮੇਤ ੭ਵੇਂ ਵਿਰਸਾ ਸੰਭਾਲ ਗੱਤਕਾ ਕੱਪ ਨੂੰ ਸਫਲਤਾਪੂਰਵਕ ਸਿਰੇ ਚੜਾਉਣ ਲਈ ਸਹਿਯੋਗ ਕਰਨ ਵਾਲੀਆਂ ਸ਼ਖ਼ਸੀਅਤਾਂ, ਸਮੂਹ ਐੱਨ ਆਰ ਆਈ ਸੰਗਤਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ, ਇੰਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ, ਸਮਾਜ ਸੇਵੀ ਦਵਿੰਦਰ ਸਿੰਘ ਬੱਬੀ ਗਰੇਵਾਲ, ਗੁਰਜਿੰਦਰ ਸਿੰਘ ਯੂ ਐੱਸ ਏ, ਅਤੇ ਸਰਪੰਚ ਜਸਕਮਲਪ੍ਰੀਤ ਸਿੰਘ ਨਿੱਪਾ ਹਠੂਰ ਨੇ ਖ਼ਾਸ ਗੱਲਬਾਤ ਕਰਦਿਆਂ ਕੀਤਾ ਉਨ੍ਹਾਂ ਕਿਹਾ ਕਿ ਗੱਤਕਾ ਕੱਪ ਵਿੱਚ ਲੜਕੇ ਅਤੇ ਲੜਕੀਆਂ ਦੀਆਂ ਗੱਤਕਾ ਟੀਮਾਂ ਨੂੰ ਵੇਖਣ ਲਈ ਵੱਡੀ ਗਿਣਤੀ ਵਿੱਚ ਦੇਰ ਰਾਤ ਤੱਕ ਨਗਰ ਅਤੇ ਆਸ ਪਾਸ ਦੀਆਂ ਸੰਗਤਾਂ ਹਾਜ਼ਰ ਰਹੀਆਂ, ਸਮੂਹ ਗ੍ਰਾਮ ਪੰਚਾਇਤ, ਗੁਰਦੁਆਰਾ ਪ੍ਰਬੰਧਕ ਕਮੇਟੀ, ਵੱਖ ਵੱਖ ਥਾਵਾਂ ਤੋਂ ਪੰਚਾਇਤਾਂ, ਕਲੱਬਾਂ, ਐੱਨ ਆਰ ਆਈ ਵੀਰਾਂ, ਸਮਾਜ ਸੇਵੀ, ਅਤੇ ਵਿਸ਼ੇਸ਼ ਤੌਰ ਤੇ ਪਹੁੰਚੀਆਂ ਧਾਰਮਿਕ ਸਖਸ਼ੀਅਤਾਂ ਨੇ ਗੱਤਕਾ ਕੱਪ ਨੂੰ ਹੋਰ ਵੀ ਚਾਰ ਚੰਨ ਲਾਏ, ਤੇ ਏਕਤਾ ਦਾ ਸਬੂਤ ਦਿੱਤਾ, ਤੇ ਗੱਤਕਾ ਕੱਪ ਸਫਲਤਾਪੂਰਵਕ ਨੇਪਰੇ ਚਾੜ੍ਹਿਆ, ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਜਥੇਦਾਰ ਭਾਈ ਹਰਪ੍ਰੀਤ ਸਿੰਘ ਖਾਲਸਾ ਨੇ ਖ਼ਾਸ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਨੌਜਵਾਨਾਂ ਅਤੇ ਬੱਚਿਆਂ ਨੂੰ ਗੁਰਸਿੱਖੀ ਨਾਲ ਜੋੜਨ ਲਈ ਜਿੱਥੇ ਸਲਾਨਾ ਗੱਤਕਾ ਮੁਕਾਬਲਾ ਕਰਵਾਇਆ ਜਾਂਦਾ ਹੈ। ਉੱਥੇ ਗੁਰਬਾਣੀ ਕੰਠ ਮੁਕਾਬਲੇ, ਬੱਚਿਆਂ ਦੇ ਗੁਰਸਿੱਖੀ ਨਾਲ ਸਬੰਧਿਤ ਧਾਰਮਿਕ ਪੇਪਰ, ਦਸਤਾਰ ਸਿਖਲਾਈ ਕੈਂਪ, ਧਾਰਮਿਕ ਕਲਾਸਾਂ, ਫ੍ਰੀ ਟਿਊਸ਼ਨ ਆਦਿ ਦੀਆਂ ਸੇਵਾਵਾਂ ਵੀ ਚੱਲਦੀਆਂ ਰਹਿੰਦੀਆਂ ਹਨ। ਤੇ ਨੌਜਵਾਨਾਂ ਨੂੰ ਲਗਾਤਾਰ ਗੱਤਕੇ ਦੀ ਸਿਖਲਾਈ ਵੀ ਦਿੱਤੀ ਜਾਂਦੀ ਹੈ। ਵਾਹਿਗੁਰੂ ਜੀ ਦੀ ਮਿਹਰ ਸਦਕਾ ਬੱਚਿਆਂ ਨੂੰ ਬਾਣੀ ਅਤੇ ਬਾਣੇ ਨਾਲ ਜੋੜਨ ਲਈ ਭਾਈ ਬਚਿੱਤਰ ਸਿੰਘ ਗੱਤਕਾ ਅਖਾੜਾ ਹਠੂਰ ਦੇ ਉਪਰਾਲੇ ਸੰਗਤਾਂ ਦੇ ਸਹਿਯੋਗ ਸਦਕਾ ਲਗਾਤਾਰ ਜਾਰੀ ਰਹਿਣਗੇ।

# ਪਿੰਡ ਫਤਿਹਗੜ ਛੰਨਾ ਵਿਖੇ ਕਬੱਡੀ ਕੱਪ ਕਰਵਾਈਆ ਗਿਆ




**ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਜ਼ਿਲਾ ਸੰਗਰੂਰ ਦੇ ਪਿੰਡ ਫਤਿਹਗੜ੍ਹ ਛੰਨਾ ਵਿਖੇ ਡਾਕਟਰ ਭੀਮ ਰਾਓ ਅੰਬੇਡਕਰ ਏਕਤਾ ਮੰਚ ਪੰਜਾਬ ਦੇ ਚੇਅਰਮੈਨ ਸ, ਜੋਗਿੰਦਰ ਸਿੰਘ ਖਾਲਸਾ ਮੁੱਖ ਪ੍ਰਬੰਧਕ , ਤਾਊ ਬਰਾੜ ਪ੍ਰਧਾਨ, ਸੁਖਵਿੰਦਰ ਸਿੰਘ ਖਜਾਨਚੀ, ਬਾਬਾ ਅਵਤਾਰ ਸਿੰਘ ਤਾਰੀ ਜਰਨਲ ਸਕੱਤਰ, ਗੁਰਜੰਟ ਸਿੰਘ ਜੰਟੀ ਸਲਾਹਕਾਰ, ਸਰਪੰਚ ਜਗਮੇਲ ਸਿੰਘ, ਰਾਜਵੀਰ ਸਿੰਘ ਮੈਂਬਰ ਪੰਚਾਇਤ, ਦੀਦਾਰ ਸਿੰਘ ਮੈਂਬਰ ਪੰਚਾਇਤ ਅਤੇ ਸਮੂਹ ਨਗਰ ਪੰਚਾਇਤ ਦੀ ਅਗਵਾਈ ਹੇਠ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਇਸ ਕਬੱਡੀ ਕੱਪ ਤੇ ਖਿਡਾਰੀਆਂ ਨੂੰ ਦਿਲ ਖਿੱਚਵੇਂ ਇਨਾਮ ਦਿੱਤੇ ਗਏ ਅਤੇ ਕਲੱਬ ਮੈਂਬਰਾਂ ਅਤੇ ਖਿਡਾਰੀਆਂ ਦਾ ਹੌਸਲਾ ਫਜਾਈ ਕਰਨ ਦੇ ਲਈ ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂ ਵਿਸ਼ੇਸ਼ ਤੌਰ ਤੇ ਪਹੁੰਚੇ ਹੋਏ ਸਨ। ਜਿਨਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਗੁਰਨੈਬ ਸਿੰਘ ਰਾਮਪੁਰਾ , ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਵਿਨਰਜੀਤ ਸਿੰਘ ਗੋਲਡੀ, ਸਾਬਕਾ ਐਮ ਐਲ ਏ ਬਾਬੂ ਪ੍ਰਕਾਸ਼ ਚੰਦ ਗਰਗ , ਭਾਰਤੀ ਜਨਤਾ ਪਾਰਟੀ ਦੇ ਜ਼ਿਲਾ ਪ੍ਰਧਾਨ ਸ ਧਰਮਿੰਦਰਜੀਤ ਸਿੰਘ ਦੁੱਲਟ, ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਸਰਪੰਚ ਹਰਦੀਪ ਸਿੰਘ ਦੌਲਤਪੁਰ , ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਸ, ਸਤਿੰਦਰ ਸਿੰਘ ਚੱਠਾ, ਚੇਅਰਮੈਨ ਗੁਨਿੰਦਰਜੀਤ ਸਿੰਘ ਮਿੰਕੂ ਜਵੰਦਾ ਆਦਿ ਆਗੂ ਹਾਜ਼ਰ ਸਨ।

# ਸੰਤ ਜਰਨੈਲ ਸਿੰਘ ਭਿੰਡਰਾਂ ਵਾਲਿਆ ਦੇ ਨਾਮ ਤੇ ਅਮਿਤਸ਼ਾਹ ਵੱਲੋਂ ਟਿਪਣੀ ਵਿਰੁੱਧ ਮੰਗ ਪੱਤਰ : ਭੁੱਲਰ

ਫ਼ਿਰੋਜ਼ਪੁਰ, 2 ਅਪ੍ਰੈਲ (ਮਨੋਹਰ ਲਾਲ) :— ਸ੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜ਼ਿਲ੍ਹਾ ਪ੍ਰਧਾਨ ਗੁਰਚਰਨ ਸਿੰਘ ਭੁੱਲਰ ਮੈਂਬਰ ਪੀ.ਏ.ਸੀ ਵੱਲੋਂ ਇੱਕ ਮੰਗ ਪੱਤਰ ਡਿਪਟੀ ਕਮਿਸ਼ਨਰ ਦੀਪ ਸਿਖਾਂ ਫਿਰੋਜਪਰ ਦੇ ਪੀ.ਏ ਮਨਜੀਤ ਸਿੰਘ ਰਾਹੀਂ ਬੀਬੀ ਦ੍ਰੋਪਦੀ ਮੁਰਮੂ ਸਦਰ—ਏ—ਹਿੰਦ ਨਵੀਂ ਦਿੱਲੀ ਨੂੰ ਭੇਜਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਗੁਰਚਰਨ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਮੰਗ ਪੱਤਰ ਵਿਚ ਮਿਤੀ 21—03—2025 ਨੂੰ ਹੁਕਮਰਾਨ ਪਾਰਟੀ ਦੇ ਗ੍ਰਹਿ ਵਜ਼ੀਰ ਸ੍ਰੀ ਅਮਿਤਸ਼ਾਹ ਵੱਲੋਂ ਰਾਜ ਸਭਾ ਵਿੱਚ ਬੋਲਦੇ ਸਮੇਂ ਸਿੱਖ ਕੌਮ ਦੇ ਰਹਿਬਰ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸਿੱਖ ਕੌਮ ਦੇ ਨਾਇਕ ਜਿੰਨਾਂ ਨੂੰ ਸ੍ਰੀ ਅਕਾਲ ਤਖਤ ਸਾਹਿਬ ਵੱਲੋਂ 20ਵੀਂ ਸਦੀ ਦੇ ਮਹਾਨ ਸਿੱਖ ਵਜੋ ਸਨਮਾਨਿਤ ਕਰਕੇ ਸਿੱਖ ਰੈਫਰੈਸ ਲਾਇਬ੍ਰੇਰੀ ਵਿਚ ਉਨ੍ਹਾਂ ਦੀ ਸਤਿਕਾਰਿਤ ਫੋਟੋ ਸਥਾਪਤ ਕੀਤੀ ਹੈ, ਉਪਰ ਸ੍ਰੀ ਅਮਿਤਸ਼ਾਹ ਗ੍ਰਹਿ ਵਜੀਰ ਵੱਲੋਂ ਤਨਜ ਦੇ ਰੂਪ ਵਿੱਚ ਅਪਮਾਨਜਨਕ ਸ਼ਬਦ ਬੋਲਦੇ ਹੋਏ ਸਾਰੇ ਦੇਸ਼ਾਂ ਵਿੱਚ ਵਸੀ ਸਿੱਖ ਕੌਮ ਦੇ ਹਿਰਦੇ ਵਲੂਦਰੇ ਹਨ ਅਤੇ ਸਾਰੀ ਸਿੱਖ ਕੌਮ ਦੇ ਮਨਾਂ ਨੂੰ ਠੇਸ ਪਹੁੰਚਾਈ ਹੈ। ਉਨ੍ਹਾਂ ਕਿਹਾ ਕਿ ਸਰਬਤ ਦਾ ਭਲਾ ਮੰਗਣ ਵਾਲੀ ਕੌਮ ਵਿਰੁੱਧ ਨਫ਼ਰਤ ਪੈਦਾ ਕਰਨ ਦੇ ਦੁੱਖਦਾਇਕ ਅਮਲ ਹੋਏ ਹਨ। ਗ੍ਰਹਿ ਵਜ਼ੀਰ ਅਮਿਤਸਾਹ ਵੱਲੋਂ ਜਨਤਕ ਤੌਰ ਤੇ ਸਿੱਖ ਕੌਮ ਤੋਂ ਮੁਆਫੀ ਮੰਗਣ ਦੇ ਅਮਲ ਹੋਣੇ ਅਤੀ ਜਾਰੂਰੀ ਹਨ ਤਾਂ ਕਿ ਅੱਗੇ ਤੋਂ ਸਿੱਖ ਕੌਮ ਦੇ ਸ੍ਰੀ ਗੁਰੂ ਗ੍ਰੰਥ ਸਾਹਿਬ ਅਤੇ ਸਿੱਖ ਨਾਇਕ ਦੇ ਖਿਲਾਫ ਇਹੋ ਜਿਹੀ ਅਪਮਾਨਜਨਕ ਸਬਦ ਨਾ ਬੋਲੇ ਜਾਣ। ਇਸ ਸਮੇਂ ਜੋਗਾ ਸਿੰਘ, ਵਿਰਸਾ ਸਿੰਘ, ਜ਼ਸ਼ਨਪ੍ਰੀਤ ਸਿੰਘ, ਹੁਸਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਗੁਰਚਰਨ ਸਿੰਘ, ਦਿਲਬਾਗ ਸਿੰਘ ਨੇ ਵੀ ਇਸ ਅਪਮਾਨਜਨਕ ਸ਼ਬਦ ਬੋਲਣ ਨੂੰ ਦੁੱਖਦਾਈ ਦੱਸਿਆ।



ਏ.ਕੇ.ਐੱਫ ਇੰਟਰਨੈਸ਼ਨਲ ਐਸੋਸੀਏਸ਼ਨ ਨੇ ਪੀਲੀਭੀਤ ਮੁਕਾਬਲੇ ਦੇ ਨੌਜਵਾਨਾਂ ਅਤੇ

# ਚਿੱਠੀ ਸਿੰਘਪੁਰਾ ਦੇ ਸ਼ਹੀਦਾਂ ਦੀ ਯਾਦ 'ਚ ਕਰਵਾਇਆ ਸਮਾਗਮ




**ਅੰਮ੍ਰਿਤਸਰ/ਕੈਨੇਡਾ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸਿੱਖ ਕੌਮ ਦੇ ਤਿੰਨ ਨੌਜਵਾਨਾਂ ਦਾ ਪੀਲੀਭੀਤ ਵਿੱਚ ਬਣਾਏ ਗਏ ਝੂਠੇ ਮੁਕਾਬਲੇ ਨੂੰ ਯਾਦ ਕਰਦਿਆ ਏ.ਕੇ.ਐੱਫ ਇੰਟਰਨੈਸ਼ਨਲ ਐਸੋਸੀਏਸ਼ਨ ਵਲੋਂ ਗੁਰਦੁਆਰਾ ਬਾਬਾ ਬੰਦਾ ਸਿੰਘ ਬਹਾਦਰ ਸਿੱਖ ਸੋਸਾਇਟੀ, ਐਬਟਸਫੋਰਡ, ਕੈਨੇਡਾ ਵਿਖੇ 23 ਮਾਰਚ 2025 ਨੂੰ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਇਸ ਦੇ ਨਾਲ-ਨਾਲ ਸੰਨ 2000 ਵਿੱਚ ਭਾਰਤੀ ਏਜੰਸੀਆਂ ਵੱਲੋਂ ਮਾਰੇ ਗਏ 36 ਸਿੱਖਾਂ ਨੂੰ ਯਾਦ ਕੀਤਾ ਗਿਆ ਜਿੰਨਾ ਦਾ ਕਸੂਰ ਸਿਰਫ਼ ਇੰਨਾ ਸੀ ਕੀ ਉਹ ਸਿੱਖ ਸਨ। ਇਸ ਦਾ ਹਿਸਾਬ ਸਿੱਖ ਪ੍ਰੰਪਰਾ ਅਨੁਸਾਰ ਸਮਾਂ ਆਉਣ ਤੇ ਦਿੱਤਾ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਤੇ ਸਿੱਖ ਸੰਘਰਸ਼ ਵਿੱਚ ਨਾਮਵਰ ਸ਼ਖ਼ਸੀਅਤ ਭਾਈ ਰਣਜੀਤ ਸਿੰਘ ਖ਼ਾਲਸਾ ਜੀ ਜੋ ਕਿ ਸਿੱਖ ਸਫ਼ਿਆ ਵਿੱਚ ਇਕ ਅਜਿਹਾ ਕਿਰਦਾਰ ਹਨ ਜੋ ਸੋਚ ਨੂੰ ਬੁੱਢੀ ਨਹੀਂ ਹੁਣ ਦਿੰਦੇ ਬਲਕਿ ਅੱਜ ਵੀ ਨੌਜਵਾਨਾਂ ਵਾਂਗ ਹਿੰਦ ਹਕੂਮਤ ਨੂੰ ਲਲਕਾਰੇ ਮਾਰਦੇ ਹਨ, "ਟਕਰਾਂਗੇ ਤੁਹਾਨੂੰ ਜਾਂ ਆ ਜਾਇਓ ਜਿੱਥੇ ਮਰਜ਼ੀ, ਖੜ੍ਹੇਗਾ ਖ਼ਾਲਸਾ"। ਜਿੰਨਾ ਦਾ ਜ਼ਿਕਰ ਸ਼ਹੀਦ ਭਾਈ ਜਿੰਦੇ ਸੁੱਖੇ ਜੀ ਦੀਆ ਜੇਲ ਚਿੱਠੀਆਂ ਵਿੱਚ ਵੀ ਆਉਂਦਾ ਹੈ ਨੂੰ ਗੁਰੂ ਮਹਾਰਾਜ ਸਾਹਿਬ ਜੀ ਦੀ ਹਜ਼ੂਰੀ ਵਿੱਚ ਹੋਨਰੇਰੀ ਗੋਲਡ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ,(ਕੋਈ ਵੀ ਮੈਡਲ ਕਿਸੇ ਵੀ ਸੰਘਰਸ਼ੀ ਸਿੱਖ ਦੀ ਖ਼ਾਲਿਸਤਾਨ ਲਈ ਕੀਤੀ ਕੁਰਬਾਨੀ ਦੀ ਕੀਮਤ ਨਹੀਂ ਪਾ ਸਕਦਾ), ਇੱਥੇ ਹੀ ਏ.ਕੇ.ਐੱਫ ਇੰਟਰਨੈਸ਼ਨਲ ਐਸੋਸੀਏਸ਼ਨ ਵੱਲੋਂ ਸਮੁੱਚੇ ਤੌਰ ਤੇ ਕਿਹਾ ਗਿਆ ਕੀ ਖ਼ਾਲਿਸਤਾਨ ਦੀ ਲਈ ਸੰਘਰਸ ਕਰ ਰਹੀ ਹਰ ਉਸ ਜੱਥੇਬੰਦੀ, ਸ਼ਖਸੀਅਤ ਦਾ ਅਸੀ ਸਨਮਾਨ ਕਰਦੇ ਹਾਂ, ਉਹ ਭਾਵੇ ਪਿੱਛਲੇ 40 ਸਾਲਾਂ ਵਿੱਚ ਸ਼ਹੀਦ ਹੋ ਗਏ ਸਾਰੇ ਸਿੰਘ ਤੇ ਅੱਜ ਵੀ ਸੰਘਰਸ ਕਰਨ ਕਰ ਰਹੇ ਸਿਮਰਨਜੀਤ ਸਿੰਘ ਮਾਨ, ਭਾਈ ਦਲਜੀਤ ਸਿੰਘ ਬਿੱਟੂ, ਬਾਬਾ ਬਖਸੀਸ ਸਿੰਘ, ਰਣਜੀਤ ਸਿੰਘ ਮਾਨ ਟੋਰਂਟੋ , ਡਾ ਅਮਰਜੀਤ ਸਿੰਘ ਟੀਵੀ 84, ਬਾਬਾ ਅਜੈਬ ਸਿੰਘ ਬਾਗੜੀ , ਬਾਬਾ ਸੰਤੋਖ ਸਿੰਘ ਖੇਲਾ, ਹੋਵੇ ਜਾਂ ਨੌਜਵਾਨ ਆਗੂਆਂ ਵਿੱਚੋਂ ਭਾਈ ਅੰਮ੍ਰਿਤਪਾਲ ਸਿੰਘ, ਪਰਮਜੀਤ ਸਿੰਘ ਮੰਡ ਤੇ ਕੌਮ ਦਾ ਜਰਨੈਲ ਵਕੀਲ ਗੁਰਪੰਤ ਸਿੰਘ ਪੰਨੂ ਹੋਣ ਸਾਡੇ ਲਈ ਸਾਰੇ ਹੀ ਸਤਿਕਾਰ ਯੋਗ ਹਨ ਤੇ ਖ਼ਾਲਿਸਤਾਨ ਲਈ ਅਸੀ ਸੱਭ ਦੇ ਨਾਲ ਇਕ ਨਿਸ਼ਾਨ ਸਾਹਿਬ ਹੇਠਾਂ ਆ ਕੇ ਸੰਘਰਸ਼ ਕਰਾਂਗੇ।

ਡਿਪਟੀ ਸਪੀਕਰ ਨੇ ਵਿਕਾਸ ਕਾਰਜਾਂ ਸਬੰਧੀ ਅਧਿਕਾਰੀਆਂ ਨਾਲ ਕੀਤੀ ਮੀਟਿੰਗ

# ਪੈਂਡਿੰਗ ਪਏ ਵਿਕਾਸ ਕਾਰਜਾਂ ਨੂੰ ਜਲਦ ਤੋਂ ਜਲਦ ਨੇਪਰੇ ਚਾੜ੍ਹਿਆ ਜਾਵੇ: ਜੈ ਕ੍ਰਿਸ਼ਨ ਸਿੰਘ ਰੌੜੀ




**ਹੁਸ਼ਿਆਰਪੁਰ, 2 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅੱਜ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੋਂ ਵਿਕਾਸ ਕਾਰਜਾਂ ਅਤੇ ਭਲਾਈ ਸਕੀਮਾਂ ਦੇ ਲਾਭ ਸਬੰਧੀ ਜਾਣਕਾਰੀ ਲੈਂਦਿਆਂ ਕਿਹਾ ਕਿ ਪੈਂਡਿੰਗ ਵਿਕਾਸ ਕਾਰਜਾਂ ਨੂੰ ਜਲਦ ਤੋਂ ਜਲਦ ਨੇਪਰੇ ਚਾੜ੍ਹਿਆ ਜਾਵੇ। ਵਧੀਕ ਡਿਪਟੀ ਕਮਿਸ਼ਨਰ ਨਿਕਾਸ ਕੁਮਾਰ ਸਮੇਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਨਾਲ ਸਬੰਧਤ ਵਿਕਾਸ ਕਾਰਜਾਂ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਕਿਹਾ ਕਿ ਚੱਲ ਰਹੇ ਵਿਕਾਸ ਕੰਮਾਂ ਦੀ ਰਫ਼ਤਾਰ ਵਿਚ ਤੇਜ਼ੀ ਲਿਆਂਦੀ ਜਾਵੇ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਨੂੰ ਸੁਖਾਲੇ ਢੰਗ ਨਾਲ ਮਿਲਣਾ ਯਕੀਨੀ ਬਣਾਇਆ ਜਾਵੇ ਤਾਂ ਜੋ ਉਹ ਇਨ੍ਹਾਂ ਸਕੀਮਾਂ ਦਾ ਬਣਦਾ ਲਾਹਾ ਲੈ ਸਕਣ। ਡਿਪਟੀ ਸਪੀਕਰ ਨੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਅਤੇ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗਾ ਦੇ ਕੰਮਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਹਲਕੇ ਵਿਚ ਹਰ ਕੱਚੇ ਘਰ ਨੂੰ ਪੱਕਾ ਕਰਨ ਦੇ ਨਾਲ-ਨਾਲ ਲੋਕਾਂ ਨੂੰ ਪਾਣੀ ਦੀ ਨਿਰਵਿਘਨ ਸਪਲਾਈ ਮੁਹੱਈਆ ਕਰਵਾਉਣਾ ਵੀ ਉਨ੍ਹਾਂ ਦੇ ਤਰਜ਼ੀਹੀ ਖੇਤਰ ਵਿਚ ਸ਼ਾਮਲ ਹੈ। ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਵੱਖ-ਵੱਖ ਪਿੰਡਾਂ ਵਿਚ ਹੋਣ ਵਾਲੇ ਵਿਕਾਸ ਕਾਰਜਾਂ ਦੀ ਵਿਸਥਾਰਤ ਤਜਵੀਜ਼ ਤਿਆਰ ਕੀਤੀ ਜਾਵੇ ਤਾਂ ਜੋ ਇਨ੍ਹਾਂ ਕੰਮਾਂ ਲਈ ਲੋੜੀਂਦੇ ਫੰਡ ਜਾਰੀ ਕਰਵਾ ਕੇ ਲੋਕਾਂ ਨੂੰ ਬਣਦੀਆਂ ਸਹੂਲਤਾਂ ਦਿੱਤੀਆਂ ਜਾ ਸਕਣ। ਡਿਪਟੀ ਸਪੀਕਰ ਨੇ ਪੇਂਡੂ ਵਿਕਾਸ ਅਤੇ ਪੰਚਾਇਤਾਂ ਅਤੇ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗਾ ਦੇ ਕੰਮਾਂ ਦਾ ਜਾਇਜ਼ਾ ਲੈਂਦਿਆਂ ਕਿਹਾ ਕਿ ਹਲਕੇ ਵਿਚ ਹਰ ਕੱਚੇ ਘਰ ਨੂੰ ਪੱਕਾ ਕਰਨ ਦੇ ਨਾਲ-ਨਾਲ ਲੋਕਾਂ ਨੂੰ ਪਾਣੀ ਦੀ ਨਿਰਵਿਘਨ ਸਪਲਾਈ ਮੁਹੱਈਆ ਕਰਵਾਉਣਾ ਵੀ ਉਨ੍ਹਾਂ ਦੇ ਤਰਜ਼ੀਹੀ ਖੇਤਰ ਵਿਚ ਸ਼ਾਮਲ ਹੈ। ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅਧਿਕਾਰੀਆਂ ਨੂੰ ਕਿਹਾ ਕਿ ਵੱਖ-ਵੱਖ ਪਿੰਡਾਂ ਵਿਚ ਹੋਣ ਵਾਲੇ ਵਿਕਾਸ ਕਾਰਜਾਂ ਦੀ ਵਿਸਥਾਰਤ ਤਜਵੀਜ਼ ਤਿਆਰ ਕੀਤੀ ਜਾਵੇ ਤਾਂ ਜੋ ਇਨ੍ਹਾਂ ਕੰਮਾਂ ਲਈ ਲੋੜੀਂਦੇ ਫੰਡ ਜਾਰੀ ਕਰਵਾ ਕੇ ਲੋਕਾਂ ਨੂੰ ਬਣਦੀਆਂ ਸਹੂਲਤਾਂ ਦਿੱਤੀਆਂ ਜਾ ਸਕਣ। ਉਨ੍ਹਾਂ ਕਿਹਾ ਕਿ ਲੋਕਾਂ ਦੀ ਸਹੂਲਤ ਲਈ ਕੰਢੀ ਦੇ ਪਿੰਡਾਂ ਨਾਲ ਸਬੰਧਤ ਮਸਲਿਆਂ ਨੂੰ ਪਹਿਲ ਦੇ ਆਧਾਰ 'ਤੇ ਨਿਪਟਾਉਂਦਿਆਂ ਇਨ੍ਹਾਂ ਖੇਤਰਾਂ ਵਿਚ ਹਰ ਬੁਨਿਆਦੀ ਸਹੂਲਤ ਮੁਹੱਈਆ ਕਰਵਾਈ ਜਾਵੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਮਿੱਥੇ ਟੀਚਿਆਂ ਨੂੰ ਸਫਲਤਾਪੂਰਵਕ ਹਾਸਲ ਕੀਤਾ ਜਾਵੇਗਾ ਜਿਸ ਲਈ ਹਰ ਵਰਗ ਦਾ ਲੋੜੀਂਦਾ ਸਹਿਯੋਗ ਲਾਜ਼ਮੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮਿਸਲ ਸਤਲੁਜ ਵੱਲੋਂ ਪੰਜ ਪਿਆਰਿਆਂ ਨੂੰ ਮੁੜ ਬਹਾਲ ਕਰਨ ਲਈ ਸ਼੍ਰੋਮਣੀ ਕਮੇਟੀ ਨੂੰ ਦਿੱਤਾ ਮੰਗ ਪੱਤਰ



**ਫ਼ਿਰੋਜ਼ਪੁਰ, 2 ਅਪ੍ਰੈਲ (ਮਨੋਹਰ ਲਾਲ) :**— ਪੰਜ ਪਿਆਰਿਆਂ ਨੂੰ ਬਹਾਲ ਕਰਵਾਉਣ ਦੀ ਵਕਾਲਤ ਕਰਦਿਆਂ ਮਿਸਲ ਸਤਲੁਜ਼ ਦੇ ਰਣਪਿੰਦਰਜੀਤ ਸਿੰਘ ਗੋਲਡੀ ਪਿੱਪਲੀ ਸੂਬਾ ਸਕੱਤਰ ਅਤੇ ਦਵਿੰਦਰ ਸਿੰਘ ਸੇਖੋਂ ਨੇ ਸਾਥੀਆਂ ਸਮੇਤ ਸ਼੍ਰੋਮਣੀ ਕਮੇਟੀ ਦੇ ਸਕੱਤਰ ਨੂੰ ਪ੍ਰਧਾਨ ਸ਼੍ਰੋਮਣੀ ਕਮੇਟੀ ਦੇ ਨਾਮ ਤੇ ਦਿੱਤਾ ਮੰਗ ਪੱਤਰ। ਇਸ ਸਬੰਧੀ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ 2015 ਵਿਚ ਅਕਾਲੀ ਦਲ ਬਾਦਲ ਨੇ ਮੱਕੜ ਰਾਹੀਂ ਜਥੇਦਾਰ ਤੇ ਦਬਾਅ ਪਾਕੇ ਪੰਥ ਦੋਖੀ ਸੌਦਾ ਸਾਧ ਨੂੰ ਮਾਫ਼ੀ ਦੁਆਈ ਜਿਸ ਤੇ ਸਿੱਖ ਸੰਗਤ ਵਿੱਚ ਭਾਰੀ ਰੋਸ ਸੀ, ਸਿੱਖ ਸੰਗਤ ਦੀ ਭਾਵਨਾਵਾਂ ਦੀ ਤਰਜਮਾਨੀ ਕਰਦੇ ਹੋਏ ਪੰਜ ਪਿਆਰਿਆਂ ਨੇ ਗੁਰੂ ਸਿਧਾਂਤਾਂ ਤੇ ਚੱਲਦੇ ਜਥੇਦਾਰਾਂ ਨੂੰ ਤਲਬ ਕੀਤਾ। ਚਾਹੀਦਾ ਤਾਂ ਇਹ ਸੀ ਕਿ ਗਲਤ ਫੈਸਲਾ ਵਾਪਸ ਲਿਆ ਜਾਂਦਾ ਪਰ ਉਲਟਾ ਪੰਜ ਪਿਆਰਿਆਂ ਨੂੰ ਸ਼੍ਰੋਮਣੀ ਕਮੇਟੀ ਚੋਂ ਬਰਖਾਸਤ ਕਰ ਦਿੱਤਾ ਸੀ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਪੰਜ ਪਿਆਰਿਆਂ ਨੂੰ ਬਰਖਾਸਤ ਕਰਨ ਦੇ ਇਸ ਗਲਤ ਫੈਸਲੇ ਨੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ। ਮਿਸਲ ਸਤਲੁਜ ਇਹ ਮੰਨਦੀ ਹੈ ਕਿ ਸਿੱਖ ਭਾਵਨਾਵਾਂ ਨੂੰ ਧਿਆਨ ਚ ਰੱਖਦੇ ਹੋਏ ਇਸ ਫੈਸਲੇ ਤੇ ਮੁੜ ਨਜ਼ਰਸਾਨੀ ਹੋਵੇ ਅਤੇ ਮੰਗ ਕਰਦੀ ਹੈ ਪੰਜ ਪਿਆਰਿਆਂ ਨੂੰ ਮੁੜ ਬਹਾਲ ਕੀਤਾ ਜਾਵੇ ਅਤੇ ਉਨ੍ਹਾਂ ਦੇ ਬਣਦੇ ਪਿਛਲੇ ਤਨਖਾਹ—ਭੱਤੇ ਵੀ ਦਿੱਤੇ ਜਾਣ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਸੰਗਤਾਂ ਦੇ ਰਹਿਣ ਲਈ ਨਵੇਂ ਕਮਰਿਆਂ ਦਾ ਨੀਂਹ ਪੱਥਰ ਸਤਿਕਾਰਯੋਗ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਰੱਖਿਆ

ਫ਼ਿਰੋਜ਼ਪੁਰ, 2 ਅਪ੍ਰੈਲ (ਮਨੋਹਰ ਲਾਲ):— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਸੰਗਤਾਂ ਦੇ ਰਹਿਣ ਲਈ ਰਿਹਾਇਸ਼ੀ ਕਮਰਿਆਂ ਦਾ ਨੀਂਹ ਪੱਥਰ ਸਤਿਕਾਰਯੋਗ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਰੱਖਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਵਾਹਿਗੁਰੂ ਸੱਚੇ ਪਾਤਸ਼ਾਹ ਜੀ ਦੇ ਅੱਗੇ ਅਰਦਾਸ ਬੇਨਤੀ ਕੀਤੀ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਤੂਤਾਂ ਵਾਲਿਆਂ ਨੇ ਕਿਹਾ ਕਿ ਜਦੋਂ ਸੰਗਤ ਜਿਆਦਾ ਹੁੰਦੀ ਸੀ ਤਾਂ ਸਾਨੂੰ ਮੁਸ਼ਿਕਲ ਦਾ ਸਾਹਮਣਾ ਕਰਨਾ ਪੈਂਦਾ ਸੀ ਅਤੇ ਸੰਗਤਾਂ ਨੂੰ ਰਾਤ ਠਹਿਰਣ ਲਈ ਹੁਣ ਨਵੇਂ ਕਮਰਿਆਂ ਦੀ ਉਸਾਰੀ ਜ਼ੋ ਕਿ ਸੰਗਤਾਂ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਜਾ ਰਹੀ ਹੈ। ਬਾਬਾ ਜੀ ਨੇ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਇਨ੍ਹਾਂ ਕਮਰਿਆਂ ਦੀ ਉਸਾਰੀ ਲਈ ਤਨ, ਮਨ, ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਵੀ ਨੀਂਹ ਪੱਥਰ ਰੱਖਣ ਵਿਚ ਹੱਥੀਂ ਸੇਵਾ ਕੀਤੀ।




ਆਵਾਜ਼ਿ ਕੌਮ AWAZE QAUM International Newspaper & WEB TV

# ਇਸ ਦਿਨ ਦੀ ਮੁਬਾਰਕ ਨਾਲ ਚੰਗੇ ਗੁਣ ਦੇ ਧਾਰਨੀ ਬਨ ਜੀਵਨ ਵਿਚ ਅਪਨਾਉਣ ਦਾ ਸੰਕਲਪ—ਪੀ.ਸੀ ਕੁਮਾਰ



ਫ਼ਿਰੋਜ਼ਪੁਰ, 2 ਅਪ੍ਰੈਲ (ਮਨੋਹਰ ਲਾਲ) :— ਵਿਕਰਮੀ ਸੰਮਤ ਦੇ ਆਗਮਨ ਤੇ ਜਿਥੇ ਬੱਚਿਆਂ ਨੂੰ ਇਸ ਦਿਨ ਦੀ ਮਹੱਤਤਾ ਬਾਰੇ ਦੱਸਿਆ, ਉਥੇ ਨਵਰਾਤਰਿਆਂ ਵਿਚ ਹੀ ਨਹੀਂ ਬਲਕਿ ਹਰ ਰੋਜ਼ ਹੀ ਉੱਚਾ ਸੁੱਚਾ ਪਵਿੱਤਰ ਜੀਵਨ ਦਾ ਤੇ ਵੇਮੈਨ ਭੋਜਣ ਖਾਣ ਦਾ ਸੰਕਲਪ ਦਿਵਾਇਆ। ਉੱਘੇ ਸਮਾਜ ਸੇਵਕ ਸੇਵਾ ਮੁਕਤ ਮਾਸ ਮੀਡੀਆ, ਸਮਾਜ ਸੁਧਾਰਕ ਸ੍ਰੀ ਪੀ.ਸੀ ਕੁਮਾਰ ਨੇ ਕਿਹਾ ਕਿ ਜਿਹੜੀਆਂ ਕੌਮਾਂ ਆਪਣੇ ਵਿਰਸੇ ਨੂੰ ਸੰਸਕ੍ਰਿਤੀ, ਪਿਛੋਕੜ ਨੂੰ ਦਿਨ—ਦਿਹਾੜੇ ਤੇ ਉਨ੍ਹਾਂ ਦੀ ਰੋਜ਼ਾਨਾ ਜੀਵਨ ਵਿਚ ਮਹੱਤਤਾ ਨਾਲ ਹੀ ਉੱਚਾ ਸੁੱਚਾ ਪਵਿੱਤਰ ਜੀਉਣ ਜਿਉਣ ਖਾਣ—ਪੀਣ, ਰਹਿਣ—ਸਹਿਣ ਨੂੰ ਅਪਨਾਉਣ ਨਾਲ ਜਿਥੇ ਮਨ ਨੂੰ ਸ਼ਾਂਤੀ, ਤਨ ਨੂੰ ਤੰਦਰੁਸਤੀ ਤੇ ਵਧੀਆ ਘਰ, ਸਮਾਜ, ਦੇਸ਼ ਦੀ ਸਿਰਜਣਾ, ਉੱਚਾ ਸੁੱਚਾ ਜੀਵਨ ਜਿਉਣ ਲਈ ਇਕ ਮਾਰਗ ਦਰਸ਼ਨ ਜਿਨ੍ਹੇ ਅਪਨਾਉਣਾ ਨਾਲ ਕੇਵਲ ਸੇਵਾ ਸਿਮਰਨ ਤੇ ਉੱਚਾ ਸੁੱਚਾ ਜੀਉਣ ਦੀ ਰਾਹ ਮਿਲਦੀ ਹੈ, ਬਲਕਿ ਆਉਣ ਵਾਲੀ ਪੀੜ੍ਹੀ ਨੂੰ ਆਪਣੇ ਵਿਰਸੇ ਬਾਰੇ ਤੇ ਉਨ੍ਹਾਂ ਨੂੰ ਜੀਵਨ ਵਿਚ ਧਾਰਨ ਕਰ ਕਿੰਨੀ ਖੁਦ ਪਰਿਵਾਰ, ਦੇਸ਼ ਦੁਨੀਆਂ ਨੂੰ ਲਾਭ ਹੁੰਦਾ ਹੈ, ਆਓ ਬਾਹਰੀ ਮੁਲਕਾਂ ਨੂੰ ਇਹ ਅਹਿਸਾਸ ਕਰਾਈਏ ਆਪਣੀ ਸੰਸਕ੍ਰਿਤੀ, ਪਿਛੋਕੜ ਬਹੁਤ ਉੱਚੀ—ਸੁੱਚੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV